# Aasaa Dee Vaar with Chhants

ੴ ਸਤਿਗੁਰ ਪ੍ਰਸਾਦਿ ॥ (448-17)
ਆਸਾ ਮਹਲਾ ੪ ਛੰਤ ਘਰੁ ੪ ॥ (448-17)
ਹਰਿ ਅੰਮ੍ਰਿਤ ਭਿੰਨੇ ਲੋਇਣਾ ਮਨੁ ਪ੍ਰੇਮਿ ਰਤੰਨਾ ਰਾਮ ਰਾਜੇ ॥ (448-17, ਆਸਾ, ਮਃ 4)
ਮਨੁ ਰਾਮਿ ਕਸਵਟੀ ਲਾਇਆ ਕੰਚਨੁ ਸੋਵਿੰਨਾ ॥ (448-18, ਆਸਾ, ਮਃ 4)
ਗੁਰਮੁਖਿ ਰੰਗਿ ਚਲੂਲਿਆ ਮੇਰਾ ਮਨੁ ਤਨੋ ਭਿੰਨਾ ॥ (448-18, ਆਸਾ, ਮਃ 4)
ਜਨੁ ਨਾਨਕੁ ਮੁਸਕਿ ਝਕੋਲਿਆ ਸਭੁ ਜਨਮੁ ਧਨੁ ਧੰਨਾ ॥੧॥ (449-1, ਆਸਾ, ਮਃ 4)

ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ (462-17)
ਆਸਾ ਮਹਲਾ ੧ ॥ (462-18)
ਵਾਰ ਸਲੋਕਾ ਨਾਲਿ ਸਲੋਕ ਭੀ ਮਹਲੇ ਪਹਿਲੇ ਕੇ ਲਿਖੇ ਟੁੰਡੇ ਅਸ ਰਾਜੈ ਕੀ ਧੁਨੀ ॥ (462-18)
ਸਲੋਕੁ ਮਃ ੧ ॥ (462-19)
ਬਲਿਹਾਰੀ ਗੁਰ ਆਪਣੇ ਦਿਉਹਾੜੀ ਸਦ ਵਾਰ ॥ (462-19, ਆਸਾ, ਮਃ 1)
ਜਿਨਿ ਮਾਣਸ ਤੇ ਦੇਵਤੇ ਕੀਏ ਕਰਤ ਨ ਲਾਗੀ ਵਾਰ ॥੧॥ (462-19, ਆਸਾ, ਮਃ 1)
ਮਹਲਾ ੨ ॥ (463-1)
ਜੇ ਸਉ ਚੰਦਾ ਉਗਵਹਿ ਸੂਰਜ ਚੜਹਿ ਹਜਾਰ ॥ (463-1, ਆਸਾ, ਮਃ 2)
ਏਤੇ ਚਾਨਣ ਹੋਦਿਆਂ ਗੁਰ ਬਿਨੁ ਘੋਰ ਅੰਧਾਰ ॥੨॥ (463-1, ਆਸਾ, ਮਃ 2)
ਮਃ ੧ ॥ (463-2)
ਨਾਨਕ ਗੁਰੂ ਨ ਚੇਤਨੀ ਮਨਿ ਆਪਣੈ ਸੁਚੇਤ ॥ (463-2, ਆਸਾ, ਮਃ 1)
ਛੁਟੇ ਤਿਲ ਬੂਆੜ ਜਿਉ ਸੁੰਞੇ ਅੰਦਰਿ ਖੇਤ ॥ (463-2, ਆਸਾ, ਮਃ 1)
ਖੇਤੈ ਅੰਦਰਿ ਛੁਟਿਆ ਕਹੁ ਨਾਨਕ ਸਉ ਨਾਹ ॥ (463-3, ਆਸਾ, ਮਃ 1)
ਫਲੀਅਹਿ ਫੁਲੀਅਹਿ ਬਪੁੜੇ ਭੀ ਤਨ ਵਿਚਿ ਸੁਆਹ ॥੩॥ (463-3, ਆਸਾ, ਮਃ 1)
ਪਉੜੀ ॥ (463-4)
ਆਪੀਨ੍ਹ੍ਹੈ ਆਪੁ ਸਾਜਿਓ ਆਪੀਨ੍ਹ੍ਹੈ ਰਚਿਓ ਨਾਉ ॥ (463-4, ਆਸਾ, ਮਃ 1)
ਦੁਯੀ ਕੁਦਰਤਿ ਸਾਜੀਐ ਕਰਿ ਆਸਣੁ ਡਿਠੋ ਚਾਉ ॥ (463-4, ਆਸਾ, ਮਃ 1)
ਦਾਤਾ ਕਰਤਾ ਆਪਿ ਤੂੰ ਤੁਸਿ ਦੇਵਹਿ ਕਰਹਿ ਪਸਾਉ ॥ (463-5, ਆਸਾ, ਮਃ 1)
ਤੂੰ ਜਾਣੋਈ ਸਭਸੈ ਦੇ ਲੈਸਹਿ ਜਿੰਦੁ ਕਵਾਉ ॥ (463-5, ਆਸਾ, ਮਃ 1)
ਕਰਿ ਆਸਣੁ ਡਿਠੋ ਚਾਉ ॥੧॥ (463-5, ਆਸਾ, ਮਃ 1)

ਹਰਿ ਪ੍ਰੇਮ ਬਾਣੀ ਮਨੁ ਮਾਰਿਆ ਅਣੀਆਲੇ ਅਣੀਆ ਰਾਮ ਰਾਜੇ ॥ (449-1, ਆਸਾ, ਮਃ 4)
ਜਿਸੁ ਲਾਗੀ ਪੀਰ ਪਿਰੰਮ ਕੀ ਸੋ ਜਾਣੈ ਜਰੀਆ ॥ (449-2, ਆਸਾ, ਮਃ 4)
ਜੀਵਨ ਮੁਕਤਿ ਸੋ ਆਖੀਐ ਮਰਿ ਜੀਵੈ ਮਰੀਆ ॥ (449-2, ਆਸਾ, ਮਃ 4)
ਜਨ ਨਾਨਕ ਸਤਿਗੁਰੁ ਮੇਲਿ ਹਰਿ ਜਗੁ ਦੁਤਰੁ ਤਰੀਆ ॥੨॥ (449-3, ਆਸਾ, ਮਃ 4)

ਸਲੋਕੁ ਮਃ ੧ ॥ (463-6)

ਸਚੇ ਤੇਰੇ ਖੰਡ ਸਚੇ ਬ੍ਰਹਮੰਡ ॥ (463-6, ਆਸਾ, ਮਃ 1)
ਸਚੇ ਤੇਰੇ ਲੋਅ ਸਚੇ ਆਕਾਰ ॥ (463-6, ਆਸਾ, ਮਃ 1)
ਸਚੇ ਤੇਰੇ ਕਰਣੇ ਸਰਬ ਬੀਚਾਰ ॥ (463-6, ਆਸਾ, ਮਃ 1)
ਸਚਾ ਤੇਰਾ ਅਮਰੁ ਸਚਾ ਦੀਬਾਣੁ ॥ (463-7, ਆਸਾ, ਮਃ 1)
ਸਚਾ ਤੇਰਾ ਹੁਕਮੁ ਸਚਾ ਫੁਰਮਾਣੁ ॥ (463-7, ਆਸਾ, ਮਃ 1)
ਸਚਾ ਤੇਰਾ ਕਰਮੁ ਸਚਾ ਨੀਸਾਣੁ ॥ (463-7, ਆਸਾ, ਮਃ 1)
ਸਚੇ ਤੁਧੁ ਆਖਹਿ ਲਖ ਕਰੋੜਿ ॥ (463-8, ਆਸਾ, ਮਃ 1)
ਸਚੈ ਸਭਿ ਤਾਣਿ ਸਚੈ ਸਭਿ ਜੋਰਿ ॥ (463-8, ਆਸਾ, ਮਃ 1)
ਸਚੀ ਤੇਰੀ ਸਿਫਤਿ ਸਚੀ ਸਾਲਾਹ ॥ (463-8, ਆਸਾ, ਮਃ 1)
ਸਚੀ ਤੇਰੀ ਕੁਦਰਤਿ ਸਚੇ ਪਾਤਿਸਾਹ ॥ (463-9, ਆਸਾ, ਮਃ 1)
ਨਾਨਕ ਸਚੁ ਧਿਆਇਨਿ ਸਚੁ ॥ (463-9, ਆਸਾ, ਮਃ 1)
ਜੋ ਮਰਿ ਜੰਮੇ ਸੁ ਕਚੁ ਨਿਕਚੁ ॥੧॥ (463-9, ਆਸਾ, ਮਃ 1)
ਮਃ ੧ ॥ (463-10)
ਵਡੀ ਵਡਿਆਈ ਜਾ ਵਡਾ ਨਾਉ ॥ (463-10, ਆਸਾ, ਮਃ 1)
ਵਡੀ ਵਡਿਆਈ ਜਾ ਸਚੁ ਨਿਆਉ ॥ (463-10, ਆਸਾ, ਮਃ 1)
ਵਡੀ ਵਡਿਆਈ ਜਾ ਨਿਹਚਲ ਥਾਉ ॥ (463-10, ਆਸਾ, ਮਃ 1)
ਵਡੀ ਵਡਿਆਈ ਜਾਣੈ ਆਲਾਉ ॥ (463-11, ਆਸਾ, ਮਃ 1)
ਵਡੀ ਵਡਿਆਈ ਬੁਝੈ ਸਭਿ ਭਾਉ ॥ (463-11, ਆਸਾ, ਮਃ 1)
ਵਡੀ ਵਡਿਆਈ ਜਾ ਪੁਛਿ ਨ ਦਾਤਿ ॥ (463-11, ਆਸਾ, ਮਃ 1)
ਵਡੀ ਵਡਿਆਈ ਜਾ ਆਪੇ ਆਪਿ ॥ (463-12, ਆਸਾ, ਮਃ 1)
ਨਾਨਕ ਕਾਰ ਨ ਕਥਨੀ ਜਾਇ ॥ (463-12, ਆਸਾ, ਮਃ 1)
ਕੀਤਾ ਕਰਣਾ ਸਰਬ ਰਜਾਇ ॥੨॥ (463-12, ਆਸਾ, ਮਃ 1)
ਮਹਲਾ ੨ ॥ (463-13)
ਇਹੁ ਜਗੁ ਸਚੈ ਕੀ ਹੈ ਕੋਠੜੀ ਸਚੇ ਕਾ ਵਿਚਿ ਵਾਸੁ ॥ (463-13, ਆਸਾ, ਮਃ 2)
ਇਕਨ੍ਹਾ ਹੁਕਮਿ ਸਮਾਇ ਲਏ ਇਕਨ੍ਹਾ ਹੁਕਮੇ ਕਰੇ ਵਿਣਾਸੁ ॥ (463-13, ਆਸਾ, ਮਃ 2)
ਇਕਨ੍ਹਾ ਭਾਣੈ ਕਢਿ ਲਏ ਇਕਨ੍ਹਾ ਮਾਇਆ ਵਿਚਿ ਨਿਵਾਸੁ ॥ (463-14, ਆਸਾ, ਮਃ 2)
ਏਵ ਭਿ ਆਖਿ ਨ ਜਾਪਈ ਜਿ ਕਿਸੈ ਆਣੇ ਰਾਸਿ ॥ (463-14, ਆਸਾ, ਮਃ 2)
ਨਾਨਕ ਗੁਰਮੁਖਿ ਜਾਣੀਐ ਜਾ ਕਉ ਆਪਿ ਕਰੇ ਪਰਗਾਸੁ ॥੩॥ (463-15, ਆਸਾ, ਮਃ 2)
ਪਉੜੀ ॥ (463-16)
ਨਾਨਕ ਜੀਅ ਉਪਾਇ ਕੈ ਲਿਖਿ ਨਾਵੈ ਧਰਮੁ ਬਹਾਲਿਆ ॥ (463-16, ਆਸਾ, ਮਃ 2)
ਓਥੈ ਸਚੇ ਹੀ ਸਚਿ ਨਿਬੜੈ ਚੁਣਿ ਵਖਿ ਕਢੇ ਜਜਮਾਲਿਆ ॥ (463-16, ਆਸਾ, ਮਃ 2)
ਥਾਉ ਨ ਪਾਇਨਿ ਕੂੜਿਆਰ ਮੁਹ ਕਾਲ੍ਹੈ ਦੋਜਕਿ ਚਾਲਿਆ ॥ (463-17, ਆਸਾ, ਮਃ 2)
ਤੇਰੈ ਨਾਇ ਰਤੇ ਸੇ ਜਿਣਿ ਗਏ ਹਾਰਿ ਗਏ ਸਿ ਠਗਣ ਵਾਲਿਆ ॥ (463-17, ਆਸਾ, ਮਃ 2)
ਲਿਖਿ ਨਾਵੈ ਧਰਮੁ ਬਹਾਲਿਆ ॥੨॥ (463-18, ਆਸਾ, ਮਃ 2)

ਹਮ ਮੂਰਖ ਮੁਗਧ ਸਰਣਾਗਤੀ ਮਿਲੁ ਗੋਵਿੰਦ ਰੰਗਾ ਰਾਮ ਰਾਜੇ ॥ (449-3, ਆਸਾ, ਮਃ 4)
ਗੁਰਿ ਪੂਰੈ ਹਰਿ ਪਾਇਆ ਹਰਿ ਭਗਤਿ ਇਕ ਮੰਗਾ ॥ (449-4, ਆਸਾ, ਮਃ 4)
ਮੇਰਾ ਮਨੁ ਤਨੁ ਸਬਦਿ ਵਿਗਾਸਿਆ ਜਪਿ ਅਨਤ ਤਰੰਗਾ ॥ (449-4, ਆਸਾ, ਮਃ 4)
ਮਿਲਿ ਸੰਤ ਜਨਾ ਹਰਿ ਪਾਇਆ ਨਾਨਕ ਸਤਸੰਗਾ ॥੩॥ (449-5, ਆਸਾ, ਮਃ 4)

ਸਲੋਕ ਮਃ ੧ ॥ (463-18)
ਵਿਸਮਾਦੁ ਨਾਦ ਵਿਸਮਾਦੁ ਵੇਦ ॥ (463-18, ਆਸਾ, ਮਃ 1)
ਵਿਸਮਾਦੁ ਜੀਅ ਵਿਸਮਾਦੁ ਭੇਦ ॥ (463-19, ਆਸਾ, ਮਃ 1)
ਵਿਸਮਾਦੁ ਰੂਪ ਵਿਸਮਾਦੁ ਰੰਗ ॥ (463-19, ਆਸਾ, ਮਃ 1)
ਵਿਸਮਾਦੁ ਨਾਗੇ ਫਿਰਹਿ ਜੰਤ ॥ (463-19, ਆਸਾ, ਮਃ 1)
ਵਿਸਮਾਦੁ ਪਉਣੁ ਵਿਸਮਾਦੁ ਪਾਣੀ ॥ (464-1, ਆਸਾ, ਮਃ 1)
ਵਿਸਮਾਦੁ ਅਗਨੀ ਖੇਡਹਿ ਵਿਡਾਣੀ ॥ (464-1, ਆਸਾ, ਮਃ 1)
ਵਿਸਮਾਦੁ ਧਰਤੀ ਵਿਸਮਾਦੁ ਖਾਣੀ ॥ (464-1, ਆਸਾ, ਮਃ 1)
ਵਿਸਮਾਦੁ ਸਾਦਿ ਲਗਹਿ ਪਰਾਣੀ ॥ (464-2, ਆਸਾ, ਮਃ 1)
ਵਿਸਮਾਦੁ ਸੰਜੋਗੁ ਵਿਸਮਾਦੁ ਵਿਜੋਗੁ ॥ (464-2, ਆਸਾ, ਮਃ 1)
ਵਿਸਮਾਦੁ ਭੁਖ ਵਿਸਮਾਦੁ ਭੋਗੁ ॥ (464-2, ਆਸਾ, ਮਃ 1)
ਵਿਸਮਾਦੁ ਸਿਫਤਿ ਵਿਸਮਾਦੁ ਸਾਲਾਹ ॥ (464-3, ਆਸਾ, ਮਃ 1)
ਵਿਸਮਾਦੁ ਉਝੜ ਵਿਸਮਾਦੁ ਰਾਹ ॥ (464-3, ਆਸਾ, ਮਃ 1)
ਵਿਸਮਾਦੁ ਨੇੜੈ ਵਿਸਮਾਦੁ ਦੂਰਿ ॥ (464-3, ਆਸਾ, ਮਃ 1)
ਵਿਸਮਾਦੁ ਦੇਖੈ ਹਾਜਰਾ ਹਜੂਰਿ ॥ (464-4, ਆਸਾ, ਮਃ 1)
ਵੇਖਿ ਵਿਡਾਣੁ ਰਹਿਆ ਵਿਸਮਾਦੁ ॥ (464-4, ਆਸਾ, ਮਃ 1)
ਨਾਨਕ ਬੁਝਣੁ ਪੂਰੈ ਭਾਗਿ ॥੧॥ (464-4, ਆਸਾ, ਮਃ 1)
ਮਃ ੧ ॥ (464-5)
ਕੁਦਰਤਿ ਦਿਸੈ ਕੁਦਰਤਿ ਸੁਣੀਐ ਕੁਦਰਤਿ ਭਉ ਸੁਖ ਸਾਰੁ ॥ (464-5, ਆਸਾ, ਮਃ 1)
ਕੁਦਰਤਿ ਪਾਤਾਲੀ ਆਕਾਸੀ ਕੁਦਰਤਿ ਸਰਬ ਆਕਾਰੁ ॥ (464-5, ਆਸਾ, ਮਃ 1)
ਕੁਦਰਤਿ ਵੇਦ ਪੁਰਾਣ ਕਤੇਬਾ ਕੁਦਰਤਿ ਸਰਬ ਵੀਚਾਰੁ ॥ (464-6, ਆਸਾ, ਮਃ 1)
ਕੁਦਰਤਿ ਖਾਣਾ ਪੀਣਾ ਪੈਨ੍ਣੁ ਕੁਦਰਤਿ ਸਰਬ ਪਿਆਰੁ ॥ (464-6, ਆਸਾ, ਮਃ 1)
ਕੁਦਰਤਿ ਜਾਤੀ ਜਿਨਸੀ ਰੰਗੀ ਕੁਦਰਤਿ ਜੀਅ ਜਹਾਨ ॥ (464-7, ਆਸਾ, ਮਃ 1)
ਕੁਦਰਤਿ ਨੇਕੀਆ ਕੁਦਰਤਿ ਬਦੀਆ ਕੁਦਰਤਿ ਮਾਨੁ ਅਭਿਮਾਨੁ ॥ (464-7, ਆਸਾ, ਮਃ 1)
ਕੁਦਰਤਿ ਪਉਣੁ ਪਾਣੀ ਬੈਸੰਤਰੁ ਕੁਦਰਤਿ ਧਰਤੀ ਖਾਕੁ ॥ (464-8, ਆਸਾ, ਮਃ 1)
ਸਭ ਤੇਰੀ ਕੁਦਰਤਿ ਤੂੰ ਕਾਦਿਰੁ ਕਰਤਾ ਪਾਕੀ ਨਾਈ ਪਾਕੁ ॥ (464-8, ਆਸਾ, ਮਃ 1)
ਨਾਨਕ ਹੁਕਮੈ ਅੰਦਰਿ ਵੇਖੈ ਵਰਤੈ ਤਾਕੋ ਤਾਕੁ ॥੨॥ (464-9, ਆਸਾ, ਮਃ 1)
ਪਉੜੀ ॥ (464-9)
ਆਪੀਨੈ੍ ਭੋਗ ਭੋਗਿ ਕੈ ਹੋਇ ਭਸਮੜਿ ਭਉਰੁ ਸਿਧਾਇਆ ॥ (464-9, ਆਸਾ, ਮਃ 1)
ਵਡਾ ਹੋਆ ਦੁਨੀਦਾਰੁ ਗਲਿ ਸੰਗਲੁ ਘਤਿ ਚਲਾਇਆ ॥ (464-10, ਆਸਾ, ਮਃ 1)

ਅਗੈ ਕਰਣੀ ਕੀਰਤਿ ਵਾਚੀਐ ਬਹਿ ਲੇਖਾ ਕਰਿ ਸਮਝਾਇਆ ॥ (464-10, ਆਸਾ, ਮਃ 1)
ਥਾਉ ਨ ਹੋਵੀ ਪਉਦੀਈ ਹੁਣਿ ਸੁਣੀਐ ਕਿਆ ਰੂਆਇਆ ॥ (464-11, ਆਸਾ, ਮਃ 1)
ਮਨਿ ਅੰਧੈ ਜਨਮੁ ਗਵਾਇਆ ॥੩॥ (464-12, ਆਸਾ, ਮਃ 1)

ਦੀਨ ਦਇਆਲ ਸੁਣਿ ਬੇਨਤੀ ਹਰਿ ਪ੍ਰਭ ਹਰਿ ਰਾਇਆ ਰਾਮ ਰਾਜੇ ॥ (449-5, ਆਸਾ, ਮਃ 4)
ਹਉ ਮਾਗਉ ਸਰਣਿ ਹਰਿ ਨਾਮ ਕੀ ਹਰਿ ਹਰਿ ਮੁਖਿ ਪਾਇਆ ॥ (449-6, ਆਸਾ, ਮਃ 4)
ਭਗਤਿ ਵਛਲੁ ਹਰਿ ਬਿਰਦੁ ਹੈ ਹਰਿ ਲਾਜ ਰਖਾਇਆ ॥ (449-6, ਆਸਾ, ਮਃ 4)
ਜਨੁ ਨਾਨਕੁ ਸਰਣਾਗਤੀ ਹਰਿ ਨਾਮਿ ਤਰਾਇਆ ॥੪॥੮॥੧੫॥ (449-7, ਆਸਾ, ਮਃ 4)

ਸਲੋਕ ਮਃ ੧ ॥ (464-12)
ਭੈ ਵਿਚਿ ਪਵਣੁ ਵਹੈ ਸਦਵਾਉ ॥ (464-12, ਆਸਾ, ਮਃ 1)
ਭੈ ਵਿਚਿ ਚਲਹਿ ਲਖ ਦਰੀਆਉ ॥ (464-12, ਆਸਾ, ਮਃ 1)
ਭੈ ਵਿਚਿ ਅਗਨਿ ਕਢੈ ਵੇਗਾਰਿ ॥ (464-13, ਆਸਾ, ਮਃ 1)
ਭੈ ਵਿਚਿ ਧਰਤੀ ਦਬੀ ਭਾਰਿ ॥ (464-13, ਆਸਾ, ਮਃ 1)
ਭੈ ਵਿਚਿ ਇੰਦੁ ਫਿਰੈ ਸਿਰ ਭਾਰਿ ॥ (464-13, ਆਸਾ, ਮਃ 1)
ਭੈ ਵਿਚਿ ਰਾਜਾ ਧਰਮ ਦੁਆਰੁ ॥ (464-14, ਆਸਾ, ਮਃ 1)
ਭੈ ਵਿਚਿ ਸੂਰਜੁ ਭੈ ਵਿਚਿ ਚੰਦੁ ॥ (464-14, ਆਸਾ, ਮਃ 1)
ਕੋਹ ਕਰੋੜੀ ਚਲਤ ਨ ਅੰਤੁ ॥ (464-14, ਆਸਾ, ਮਃ 1)
ਭੈ ਵਿਚਿ ਸਿਧ ਬੁਧ ਸੁਰ ਨਾਥ ॥ (464-15, ਆਸਾ, ਮਃ 1)
ਭੈ ਵਿਚਿ ਆਡਾਣੇ ਆਕਾਸ ॥ (464-15, ਆਸਾ, ਮਃ 1)
ਭੈ ਵਿਚਿ ਜੋਧ ਮਹਾਬਲ ਸੂਰ ॥ (464-15, ਆਸਾ, ਮਃ 1)
ਭੈ ਵਿਚਿ ਆਵਹਿ ਜਾਵਹਿ ਪੂਰ ॥ (464-15, ਆਸਾ, ਮਃ 1)
ਸਗਲਿਆ ਭਉ ਲਿਖਿਆ ਸਿਰਿ ਲੇਖੁ ॥ (464-16, ਆਸਾ, ਮਃ 1)
ਨਾਨਕ ਨਿਰਭਉ ਨਿਰੰਕਾਰੁ ਸਚੁ ਏਕੁ ॥੧॥ (464-16, ਆਸਾ, ਮਃ 1)
ਮਃ ੧ ॥ (464-16)
ਨਾਨਕ ਨਿਰਭਉ ਨਿਰੰਕਾਰੁ ਹੋਰਿ ਕੇਤੇ ਰਾਮ ਰਵਾਲ ॥ (464-17, ਆਸਾ, ਮਃ 1)
ਕੇਤੀਆ ਕੰਨ੍ ਕਹਾਣੀਆ ਕੇਤੇ ਬੇਦ ਬੀਚਾਰ ॥ (464-17, ਆਸਾ, ਮਃ 1)
ਕੇਤੇ ਨਚਹਿ ਮੰਗਤੇ ਗਿੜਿ ਮੁੜਿ ਪੂਰਹਿ ਤਾਲ ॥ (464-17, ਆਸਾ, ਮਃ 1)
ਬਾਜਾਰੀ ਬਾਜਾਰ ਮਹਿ ਆਇ ਕਢਹਿ ਬਾਜਾਰ ॥ (464-18, ਆਸਾ, ਮਃ 1)
ਗਾਵਹਿ ਰਾਜੇ ਰਾਣੀਆ ਬੋਲਹਿ ਆਲ ਪਤਾਲ ॥ (464-18, ਆਸਾ, ਮਃ 1)
ਲਖ ਟਕਿਆ ਕੇ ਮੁੰਦੜੇ ਲਖ ਟਕਿਆ ਕੇ ਹਾਰ ॥ (464-19, ਆਸਾ, ਮਃ 1)
ਜਿਤੁ ਤਨਿ ਪਾਈਅਹਿ ਨਾਨਕਾ ਸੇ ਤਨ ਹੋਵਹਿ ਛਾਰ ॥ (464-19, ਆਸਾ, ਮਃ 1)
ਗਿਆਨੁ ਨ ਗਲੀਈ ਢੂਢੀਐ ਕਥਨਾ ਕਰੜਾ ਸਾਰੁ ॥ (465-1, ਆਸਾ, ਮਃ 1)
ਕਰਮਿ ਮਿਲੈ ਤਾ ਪਾਈਐ ਹੋਰ ਹਿਕਮਤਿ ਹੁਕਮੁ ਖੁਆਰੁ ॥੨॥ (465-1, ਆਸਾ, ਮਃ 1)
ਪਉੜੀ ॥ (465-2)
ਨਦਰਿ ਕਰਹਿ ਜੇ ਆਪਣੀ ਤਾ ਨਦਰੀ ਸਤਿਗੁਰੁ ਪਾਇਆ ॥ (465-2, ਆਸਾ, ਮਃ 1)

ਏਹੁ ਜੀਉ ਬਹੁਤੇ ਜਨਮ ਭਰੰਮਿਆ ਤਾ ਸਤਿਗੁਰਿ ਸਬਦੁ ਸੁਣਾਇਆ ॥ (465-2, ਆਸਾ, ਮਃ 1)
ਸਤਿਗੁਰ ਜੇਵਡੁ ਦਾਤਾ ਕੋ ਨਹੀ ਸਭਿ ਸੁਣਿਅਹੁ ਲੋਕ ਸਬਾਇਆ ॥ (465-3, ਆਸਾ, ਮਃ 1)
ਸਤਿਗੁਰਿ ਮਿਲਿਐ ਸਚੁ ਪਾਇਆ ਜਿਨ੍ਹੀ ਵਿਚਹੁ ਆਪੁ ਗਵਾਇਆ ॥ (465-4, ਆਸਾ, ਮਃ 1)
ਜਿਨਿ ਸਚੋ ਸਚੁ ਬੁਝਾਇਆ ॥੪॥ (465-4, ਆਸਾ, ਮਃ 1)

ਆਸਾ ਮਹਲਾ ੪ ॥ (449-8)
ਗੁਰਮੁਖਿ ਢੂੰਢਿ ਢੂਢੇਦਿਆ ਹਰਿ ਸਜਣੁ ਲਧਾ ਰਾਮ ਰਾਜੇ ॥ (449-8, ਆਸਾ, ਮਃ 4)
ਕੰਚਨ ਕਾਇਆ ਕੋਟ ਗੜ ਵਿਚਿ ਹਰਿ ਹਰਿ ਸਿਧਾ ॥ (449-8, ਆਸਾ, ਮਃ 4)
ਹਰਿ ਹਰਿ ਹੀਰਾ ਰਤਨੁ ਹੈ ਮੇਰਾ ਮਨੁ ਤਨੁ ਵਿਧਾ ॥ (449-9, ਆਸਾ, ਮਃ 4)
ਧੁਰਿ ਭਾਗ ਵਡੇ ਹਰਿ ਪਾਇਆ ਨਾਨਕ ਰਸਿ ਗੁਧਾ ॥੧॥ (449-9, ਆਸਾ, ਮਃ 4)

ਸਲੋਕ ਮਃ ੧ ॥ (465-5)
ਘੜੀਆ ਸਭੇ ਗੋਪੀਆ ਪਹਰ ਕੰਨ੍ ਗੋਪਾਲ ॥ (465-5, ਆਸਾ, ਮਃ 1)
ਗਹਣੇ ਪਉਣੁ ਪਾਣੀ ਬੈਸੰਤਰੁ ਚੰਦੁ ਸੂਰਜੁ ਅਵਤਾਰ ॥ (465-5, ਆਸਾ, ਮਃ 1)
ਸਗਲੀ ਧਰਤੀ ਮਾਲੁ ਧਨੁ ਵਰਤਣਿ ਸਰਬ ਜੰਜਾਲ ॥ (465-6, ਆਸਾ, ਮਃ 1)
ਨਾਨਕ ਮੁਸੈ ਗਿਆਨ ਵਿਹੂਣੀ ਖਾਇ ਗਇਆ ਜਮਕਾਲੁ ॥੧॥ (465-6, ਆਸਾ, ਮਃ 1)
ਮਃ ੧ ॥ (465-7)
ਵਾਇਨਿ ਚੇਲੇ ਨਚਨਿ ਗੁਰ ॥ (465-7, ਆਸਾ, ਮਃ 1)
ਪੈਰ ਹਲਾਇਨਿ ਫੇਰਨਿ੍ ਸਿਰ ॥ (465-7, ਆਸਾ, ਮਃ 1)
ਉਡਿ ਉਡਿ ਰਾਵਾ ਝਾਟੈ ਪਾਇ ॥ (465-7, ਆਸਾ, ਮਃ 1)
ਵੇਖੈ ਲੋਕੁ ਹਸੈ ਘਰਿ ਜਾਇ ॥ (465-8, ਆਸਾ, ਮਃ 1)
ਰੋਟੀਆ ਕਾਰਣਿ ਪੂਰਹਿ ਤਾਲ ॥ (465-8, ਆਸਾ, ਮਃ 1)
ਆਪੁ ਪਛਾੜਹਿ ਧਰਤੀ ਨਾਲਿ ॥ (465-8, ਆਸਾ, ਮਃ 1)
ਗਾਵਨਿ ਗੋਪੀਆ ਗਾਵਨਿ ਕਾਨ੍ ॥ (465-9, ਆਸਾ, ਮਃ 1)
ਗਾਵਨਿ ਸੀਤਾ ਰਾਜੇ ਰਾਮ ॥ (465-9, ਆਸਾ, ਮਃ 1)
ਨਿਰਭਉ ਨਿਰੰਕਾਰੁ ਸਚੁ ਨਾਮੁ ॥ (465-9, ਆਸਾ, ਮਃ 1)
ਜਾ ਕਾ ਕੀਆ ਸਗਲ ਜਹਾਨੁ ॥ (465-10, ਆਸਾ, ਮਃ 1)
ਸੇਵਕ ਸੇਵਹਿ ਕਰਮਿ ਚੜਾਉ ॥ (465-10, ਆਸਾ, ਮਃ 1)
ਭਿੰਨੀ ਰੈਣਿ ਜਿਨ੍ਾ ਮਨਿ ਚਾਉ ॥ (465-10, ਆਸਾ, ਮਃ 1)
ਸਿਖੀ ਸਿਖਿਆ ਗੁਰ ਵੀਚਾਰਿ ॥ (465-10, ਆਸਾ, ਮਃ 1)
ਨਦਰੀ ਕਰਮਿ ਲਘਾਏ ਪਾਰਿ ॥ (465-11, ਆਸਾ, ਮਃ 1)
ਕੋਲੂ ਚਰਖਾ ਚਕੀ ਚਕੁ ॥ (465-11, ਆਸਾ, ਮਃ 1)
ਥਲ ਵਾਰੋਲੇ ਬਹੁਤੁ ਅਨੰਤੁ ॥ (465-11, ਆਸਾ, ਮਃ 1)
ਲਾਟੂ ਮਾਧਾਣੀਆ ਅਨਗਾਹ ॥ (465-12, ਆਸਾ, ਮਃ 1)
ਪੰਖੀ ਭਉਦੀਆ ਲੈਨਿ ਨ ਸਾਹ ॥ (465-12, ਆਸਾ, ਮਃ 1)
ਸੂਐ ਚਾੜਿ ਭਵਾਈਅਹਿ ਜੰਤ ॥ (465-12, ਆਸਾ, ਮਃ 1)

ਨਾਨਕ ਭਉਦਿਆ ਗਣਤ ਨ ਅੰਤ ॥ (465-12, ਆਸਾ, ਮਃ 1)
ਬੰਧਨ ਬੰਧਿ ਭਵਾਏ ਸੋਇ ॥ (465-13, ਆਸਾ, ਮਃ 1)
ਪਇਐ ਕਿਰਤਿ ਨਚੈ ਸਭੁ ਕੋਇ ॥ (465-13, ਆਸਾ, ਮਃ 1)
ਨਚਿ ਨਚਿ ਹਸਹਿ ਚਲਹਿ ਸੇ ਰੋਇ ॥ (465-13, ਆਸਾ, ਮਃ 1)
ਉਡਿ ਨ ਜਾਹੀ ਸਿਧ ਨ ਹੋਹਿ ॥ (465-14, ਆਸਾ, ਮਃ 1)
ਨਚਣੁ ਕੁਦਣੁ ਮਨ ਕਾ ਚਾਉ ॥ (465-14, ਆਸਾ, ਮਃ 1)
ਨਾਨਕ ਜਿਨ੍ ਮਨਿ ਭਉ ਤਿਨ੍ਾ ਮਨਿ ਭਾਉ ॥੨॥ (465-14, ਆਸਾ, ਮਃ 1)
ਪਉੜੀ ॥ (465-15)
ਨਾਉ ਤੇਰਾ ਨਿਰੰਕਾਰੁ ਹੈ ਨਾਇ ਲਇਐ ਨਰਕਿ ਨ ਜਾਈਐ ॥ (465-15, ਆਸਾ, ਮਃ 1)
ਜੀਉ ਪਿੰਡੁ ਸਭੁ ਤਿਸ ਦਾ ਦੇ ਖਾਜੈ ਆਖਿ ਗਵਾਈਐ ॥ (465-15, ਆਸਾ, ਮਃ 1)
ਜੇ ਲੋੜਹਿ ਚੰਗਾ ਆਪਣਾ ਕਰਿ ਪੁੰਨਹੁ ਨੀਚੁ ਸਦਾਈਐ ॥ (465-16, ਆਸਾ, ਮਃ 1)
ਜੇ ਜਰਵਾਣਾ ਪਰਹਰੈ ਜਰੁ ਵੇਸ ਕਰੇਦੀ ਆਈਐ ॥ (465-16, ਆਸਾ, ਮਃ 1)
ਕੋ ਰਹੈ ਨ ਭਰੀਐ ਪਾਈਐ ॥੫॥ (465-17, ਆਸਾ, ਮਃ 1)

ਪੰਥੁ ਦਸਾਵਾ ਨਿਤ ਖੜੀ ਮੁੰਧ ਜੋਬਨਿ ਬਾਲੀ ਰਾਮ ਰਾਜੇ ॥ (449-10, ਆਸਾ, ਮਃ 4)
ਹਰਿ ਹਰਿ ਨਾਮੁ ਚੇਤਾਇ ਗੁਰ ਹਰਿ ਮਾਰਗਿ ਚਾਲੀ ॥ (449-10, ਆਸਾ, ਮਃ 4)
ਮੇਰੈ ਮਨਿ ਤਨਿ ਨਾਮੁ ਆਧਾਰੁ ਹੈ ਹਉਮੈ ਬਿਖੁ ਜਾਲੀ ॥ (449-11, ਆਸਾ, ਮਃ 4)
ਜਨ ਨਾਨਕ ਸਤਿਗੁਰੁ ਮੇਲਿ ਹਰਿ ਹਰਿ ਮਿਲਿਆ ਬਨਵਾਲੀ ॥੨॥ (449-11, ਆਸਾ, ਮਃ 4)

ਸਲੋਕ ਮਃ ੧ ॥ (465-17)
ਮੁਸਲਮਾਨਾ ਸਿਫਤਿ ਸਰੀਅਤਿ ਪੜਿ ਪੜਿ ਕਰਹਿ ਬੀਚਾਰੁ ॥ (465-17, ਆਸਾ, ਮਃ 1)
ਬੰਦੇ ਸੇ ਜਿ ਪਵਹਿ ਵਿਚਿ ਬੰਦੀ ਵੇਖਣ ਕਉ ਦੀਦਾਰੁ ॥ (465-18, ਆਸਾ, ਮਃ 1)
ਹਿੰਦੂ ਸਾਲਾਹੀ ਸਾਲਾਹਨਿ ਦਰਸਨਿ ਰੂਪਿ ਅਪਾਰੁ ॥ (465-18, ਆਸਾ, ਮਃ 1)
ਤੀਰਥਿ ਨਾਵਹਿ ਅਰਚਾ ਪੂਜਾ ਅਗਰ ਵਾਸੁ ਬਹਕਾਰੁ ॥ (465-19, ਆਸਾ, ਮਃ 1)
ਜੋਗੀ ਸੁੰਨਿ ਧਿਆਵਨਿ੍ ਜੇਤੇ ਅਲਖ ਨਾਮੁ ਕਰਤਾਰੁ ॥ (465-19, ਆਸਾ, ਮਃ 1)
ਸੂਖਮ ਮੂਰਤਿ ਨਾਮੁ ਨਿਰੰਜਨ ਕਾਇਆ ਕਾ ਆਕਾਰੁ ॥ (466-1, ਆਸਾ, ਮਃ 1)
ਸਤੀਆ ਮਨਿ ਸੰਤੋਖੁ ਉਪਜੈ ਦੇਣੈ ਕੈ ਵੀਚਾਰਿ ॥ (466-1, ਆਸਾ, ਮਃ 1)
ਦੇ ਦੇ ਮੰਗਹਿ ਸਹਸਾ ਗੂਣਾ ਸੋਭ ਕਰੇ ਸੰਸਾਰੁ ॥ (466-2, ਆਸਾ, ਮਃ 1)
ਚੋਰਾ ਜਾਰਾ ਤੈ ਕੂੜਿਆਰਾ ਖਾਰਾਬਾ ਵੇਕਾਰ ॥ (466-2, ਆਸਾ, ਮਃ 1)
ਇਕਿ ਹੋਦਾ ਖਾਇ ਚਲਹਿ ਐਥਾਊ ਤਿਨਾ ਭਿ ਕਾਈ ਕਾਰ ॥ (466-3, ਆਸਾ, ਮਃ 1)
ਜਲਿ ਥਲਿ ਜੀਆ ਪੁਰੀਆ ਲੋਆ ਆਕਾਰਾ ਆਕਾਰ ॥ (466-3, ਆਸਾ, ਮਃ 1)
ਓਇ ਜਿ ਆਖਹਿ ਸੁ ਤੂੰਹੈ ਜਾਣਹਿ ਤਿਨਾ ਭਿ ਤੇਰੀ ਸਾਰ ॥ (466-4, ਆਸਾ, ਮਃ 1)
ਨਾਨਕ ਭਗਤਾ ਭੁਖ ਸਾਲਾਹਣੁ ਸਚੁ ਨਾਮੁ ਆਧਾਰੁ ॥ (466-4, ਆਸਾ, ਮਃ 1)
ਸਦਾ ਅਨੰਦਿ ਰਹਹਿ ਦਿਨੁ ਰਾਤੀ ਗੁਣਵੰਤਿਆ ਪਾ ਛਾਰੁ ॥੧॥ (466-5, ਆਸਾ, ਮਃ 1)
ਮਃ ੧ ॥ (466-5)
ਮਿਟੀ ਮੁਸਲਮਾਨ ਕੀ ਪੇੜੈ ਪਈ ਕੁਮਿ੍ਆਰ ॥ (466-5, ਆਸਾ, ਮਃ 1)

ਘੜਿ ਭਾਂਡੇ ਇਟਾ ਕੀਆ ਜਲਦੀ ਕਰੇ ਪੁਕਾਰ ॥ (466-6, ਆਸਾ, ਮਃ 1)
ਜਲਿ ਜਲਿ ਰੋਵੈ ਬਪੁੜੀ ਝੜਿ ਝੜਿ ਪਵਹਿ ਅੰਗਿਆਰ ॥ (466-6, ਆਸਾ, ਮਃ 1)
ਨਾਨਕ ਜਿਨਿ ਕਰਤੈ ਕਾਰਣੁ ਕੀਆ ਸੋ ਜਾਣੈ ਕਰਤਾਰੁ ॥੨॥ (466-7, ਆਸਾ, ਮਃ 1)
ਪਉੜੀ ॥ (466-7)
ਬਿਨੁ ਸਤਿਗੁਰ ਕਿਨੈ ਨ ਪਾਇਓ ਬਿਨੁ ਸਤਿਗੁਰ ਕਿਨੈ ਨ ਪਾਇਆ ॥ (466-7, ਆਸਾ, ਮਃ 1)
ਸਤਿਗੁਰ ਵਿਚਿ ਆਪੁ ਰਖਿਓਨੁ ਕਰਿ ਪਰਗਟੁ ਆਖਿ ਸੁਣਾਇਆ ॥ (466-8, ਆਸਾ, ਮਃ 1)
ਸਤਿਗੁਰ ਮਿਲਿਐ ਸਦਾ ਮੁਕਤੁ ਹੈ ਜਿਨਿ ਵਿਚਹੁ ਮੋਹੁ ਚੁਕਾਇਆ ॥ (466-8, ਆਸਾ, ਮਃ 1)
ਉਤਮੁ ਏਹੁ ਬੀਚਾਰੁ ਹੈ ਜਿਨਿ ਸਚੇ ਸਿਉ ਚਿਤੁ ਲਾਇਆ ॥ (466-9, ਆਸਾ, ਮਃ 1)
ਜਗਜੀਵਨੁ ਦਾਤਾ ਪਾਇਆ ॥੬॥ (466-10, ਆਸਾ, ਮਃ 1)

ਗੁਰਮੁਖਿ ਪਿਆਰੇ ਆਇ ਮਿਲੁ ਮੈ ਚਿਰੀ ਵਿਛੁੰਨੇ ਰਾਮ ਰਾਜੇ ॥ (449-12, ਆਸਾ, ਮਃ 4)
ਮੇਰਾ ਮਨੁ ਤਨੁ ਬਹੁਤੁ ਬੈਰਾਗਿਆ ਹਰਿ ਨੈਣ ਰਸਿ ਭਿੰਨੇ ॥ (449-12, ਆਸਾ, ਮਃ 4)
ਮੈ ਹਰਿ ਪ੍ਰਭੁ ਪਿਆਰਾ ਦਸਿ ਗੁਰੁ ਮਿਲਿ ਹਰਿ ਮਨੁ ਮੰਨੇ ॥ (449-13, ਆਸਾ, ਮਃ 4)
ਹਉ ਮੂਰਖੁ ਕਾਰੈ ਲਾਈਆ ਨਾਨਕ ਹਰਿ ਕੰਮੇ ॥੩॥ (449-13, ਆਸਾ, ਮਃ 4)

ਸਲੋਕ ਮਃ ੧ ॥ (466-10)
ਹਉ ਵਿਚਿ ਆਇਆ ਹਉ ਵਿਚਿ ਗਇਆ ॥ (466-10, ਆਸਾ, ਮਃ 1)
ਹਉ ਵਿਚਿ ਜੰਮਿਆ ਹਉ ਵਿਚਿ ਮੁਆ ॥ (466-10, ਆਸਾ, ਮਃ 1)
ਹਉ ਵਿਚਿ ਦਿਤਾ ਹਉ ਵਿਚਿ ਲਇਆ ॥ (466-11, ਆਸਾ, ਮਃ 1)
ਹਉ ਵਿਚਿ ਖਟਿਆ ਹਉ ਵਿਚਿ ਗਇਆ ॥ (466-11, ਆਸਾ, ਮਃ 1)
ਹਉ ਵਿਚਿ ਸਚਿਆਰੁ ਕੂੜਿਆਰੁ ॥ (466-12, ਆਸਾ, ਮਃ 1)
ਹਉ ਵਿਚਿ ਪਾਪ ਪੁੰਨ ਵੀਚਾਰੁ ॥ (466-12, ਆਸਾ, ਮਃ 1)
ਹਉ ਵਿਚਿ ਨਰਕਿ ਸੁਰਗਿ ਅਵਤਾਰੁ ॥ (466-12, ਆਸਾ, ਮਃ 1)
ਹਉ ਵਿਚਿ ਹਸੈ ਹਉ ਵਿਚਿ ਰੋਵੈ ॥ (466-12, ਆਸਾ, ਮਃ 1)
ਹਉ ਵਿਚਿ ਭਰੀਐ ਹਉ ਵਿਚਿ ਧੋਵੈ ॥ (466-13, ਆਸਾ, ਮਃ 1)
ਹਉ ਵਿਚਿ ਜਾਤੀ ਜਿਨਸੀ ਖੋਵੈ ॥ (466-13, ਆਸਾ, ਮਃ 1)
ਹਉ ਵਿਚਿ ਮੂਰਖੁ ਹਉ ਵਿਚਿ ਸਿਆਣਾ ॥ (466-13, ਆਸਾ, ਮਃ 1)
ਮੋਖ ਮੁਕਤਿ ਕੀ ਸਾਰ ਨ ਜਾਣਾ ॥ (466-14, ਆਸਾ, ਮਃ 1)
ਹਉ ਵਿਚਿ ਮਾਇਆ ਹਉ ਵਿਚਿ ਛਾਇਆ ॥ (466-14, ਆਸਾ, ਮਃ 1)
ਹਉਮੈ ਕਰਿ ਕਰਿ ਜੰਤ ਉਪਾਇਆ ॥ (466-15, ਆਸਾ, ਮਃ 1)
ਹਉਮੈ ਬੂਝੈ ਤਾ ਦਰੁ ਸੂਝੈ ॥ (466-15, ਆਸਾ, ਮਃ 1)
ਗਿਆਨ ਵਿਹੂਣਾ ਕਥਿ ਕਥਿ ਲੂਝੈ ॥ (466-15, ਆਸਾ, ਮਃ 1)
ਨਾਨਕ ਹੁਕਮੀ ਲਿਖੀਐ ਲੇਖੁ ॥ (466-15, ਆਸਾ, ਮਃ 1)
ਜੇਹਾ ਵੇਖਹਿ ਤੇਹਾ ਵੇਖੁ ॥੧॥ (466-16, ਆਸਾ, ਮਃ 1)
ਮਹਲਾ ੨ ॥ (466-16)
ਹਉਮੈ ਏਹਾ ਜਾਤਿ ਹੈ ਹਉਮੈ ਕਰਮ ਕਮਾਹਿ ॥ (466-16, ਆਸਾ, ਮਃ 2)

ਹਉਮੈ ਏਈ ਬੰਧਨਾ ਫਿਰਿ ਫਿਰਿ ਜੋਨੀ ਪਾਹਿ ॥ (466-17, ਆਸਾ, ਮਃ 2)
ਹਉਮੈ ਕਿਥਹੁ ਊਪਜੈ ਕਿਤੁ ਸੰਜਮਿ ਇਹ ਜਾਇ ॥ (466-17, ਆਸਾ, ਮਃ 2)
ਹਉਮੈ ਏਹੋ ਹੁਕਮੁ ਹੈ ਪਇਐ ਕਿਰਤਿ ਫਿਰਾਹਿ ॥ (466-17, ਆਸਾ, ਮਃ 2)
ਹਉਮੈ ਦੀਰਘ ਰੋਗੁ ਹੈ ਦਾਰੂ ਭੀ ਇਸੁ ਮਾਹਿ ॥ (466-18, ਆਸਾ, ਮਃ 2)
ਕਿਰਪਾ ਕਰੇ ਜੇ ਆਪਣੀ ਤਾ ਗੁਰ ਕਾ ਸਬਦੁ ਕਮਾਹਿ ॥ (466-18, ਆਸਾ, ਮਃ 2)
ਨਾਨਕੁ ਕਹੈ ਸੁਣਹੁ ਜਨਹੁ ਇਤੁ ਸੰਜਮਿ ਦੁਖ ਜਾਹਿ ॥੨॥ (466-19, ਆਸਾ, ਮਃ 2)
ਪਉੜੀ ॥ (466-19)
ਸੇਵ ਕੀਤੀ ਸੰਤੋਖੀਈ ਜਿਨ੍ਹ੍ਹੀ ਸਚੋ ਸਚੁ ਧਿਆਇਆ ॥ (466-19, ਆਸਾ, ਮਃ 2)
ਓਨ੍ਹ੍ਹੀ ਮੰਦੈ ਪੈਰੁ ਨ ਰਖਿਓ ਕਰਿ ਸੁਕ੍ਰਿਤੁ ਧਰਮੁ ਕਮਾਇਆ ॥ (467-1, ਆਸਾ, ਮਃ 2)
ਓਨ੍ਹ੍ਹੀ ਦੁਨੀਆ ਤੋੜੇ ਬੰਧਨਾ ਅੰਨੁ ਪਾਣੀ ਥੋੜਾ ਖਾਇਆ ॥ (467-1, ਆਸਾ, ਮਃ 2)
ਤੂੰ ਬਖਸੀਸੀ ਅਗਲਾ ਨਿਤ ਦੇਵਹਿ ਚੜਹਿ ਸਵਾਇਆ ॥ (467-2, ਆਸਾ, ਮਃ 2)
ਵਡਿਆਈ ਵਡਾ ਪਾਇਆ ॥੭॥ (467-3, ਆਸਾ, ਮਃ 2)

ਗੁਰ ਅੰਮ੍ਰਿਤ ਭਿੰਨੀ ਦੇਹੁਰੀ ਅੰਮ੍ਰਿਤੁ ਬੁਰਕੇ ਰਾਮ ਰਾਜੇ ॥ (449-14, ਆਸਾ, ਮਃ 4)
ਜਿਨਾ ਗੁਰਬਾਣੀ ਮਨਿ ਭਾਈਆ ਅੰਮ੍ਰਿਤਿ ਛਕਿ ਛਕੇ ॥ (449-14, ਆਸਾ, ਮਃ 4)
ਗੁਰ ਤੁਠੈ ਹਰਿ ਪਾਇਆ ਚੂਕੇ ਧਕ ਧਕੇ ॥ (449-15, ਆਸਾ, ਮਃ 4)
ਹਰਿ ਜਨੁ ਹਰਿ ਹਰਿ ਹੋਇਆ ਨਾਨਕੁ ਹਰਿ ਇਕੇ ॥੪॥੯॥੧੬॥ (449-15, ਆਸਾ, ਮਃ 4)

ਸਲੋਕ ਮਃ ੧ ॥ (467-3)
ਪੁਰਖਾਂ ਬਿਰਖਾਂ ਤੀਰਥਾਂ ਤਟਾਂ ਮੇਘਾਂ ਖੇਤਾਂਹ ॥ (467-3, ਆਸਾ, ਮਃ 1)
ਦੀਪਾਂ ਲੋਆਂ ਮੰਡਲਾਂ ਖੰਡਾਂ ਵਰਭੰਡਾਂਹ ॥ (467-3, ਆਸਾ, ਮਃ 1)
ਅੰਡਜ ਜੇਰਜ ਉਤਭੁਜਾਂ ਖਾਣੀ ਸੇਤਜਾਂਹ ॥ (467-4, ਆਸਾ, ਮਃ 1)
ਸੋ ਮਿਤਿ ਜਾਣੈ ਨਾਨਕਾ ਸਰਾਂ ਮੇਰਾਂ ਜੰਤਾਹ ॥ (467-4, ਆਸਾ, ਮਃ 1)
ਨਾਨਕ ਜੰਤ ਉਪਾਇ ਕੈ ਸੰਮਾਲੇ ਸਭਨਾਹ ॥ (467-5, ਆਸਾ, ਮਃ 1)
ਜਿਨਿ ਕਰਤੈ ਕਰਣਾ ਕੀਆ ਚਿੰਤਾ ਭਿ ਕਰਣੀ ਤਾਹ ॥ (467-5, ਆਸਾ, ਮਃ 1)
ਸੋ ਕਰਤਾ ਚਿੰਤਾ ਕਰੇ ਜਿਨਿ ਉਪਾਇਆ ਜਗੁ ॥ (467-5, ਆਸਾ, ਮਃ 1)
ਤਿਸੁ ਜੋਹਾਰੀ ਸੁਅਸਤਿ ਤਿਸੁ ਤਿਸੁ ਦੀਬਾਣੁ ਅਭਗੁ ॥ (467-6, ਆਸਾ, ਮਃ 1)
ਨਾਨਕ ਸਚੇ ਨਾਮ ਬਿਨੁ ਕਿਆ ਟਿਕਾ ਕਿਆ ਤਗੁ ॥੧॥ (467-6, ਆਸਾ, ਮਃ 1)
ਮਃ ੧ ॥ (467-7)
ਲਖ ਨੇਕੀਆ ਚੰਗਿਆਈਆ ਲਖ ਪੁੰਨਾ ਪਰਵਾਣੁ ॥ (467-7, ਆਸਾ, ਮਃ 1)
ਲਖ ਤਪ ਉਪਰਿ ਤੀਰਥਾਂ ਸਹਜ ਜੋਗ ਬੇਬਾਣ ॥ (467-7, ਆਸਾ, ਮਃ 1)
ਲਖ ਸੂਰਤਣ ਸੰਗਰਾਮ ਰਣ ਮਹਿ ਛੁਟਹਿ ਪਰਾਣ ॥ (467-8, ਆਸਾ, ਮਃ 1)
ਲਖ ਸੁਰਤੀ ਲਖ ਗਿਆਨ ਧਿਆਨ ਪੜੀਅਹਿ ਪਾਠ ਪੁਰਾਣ ॥ (467-8, ਆਸਾ, ਮਃ 1)
ਜਿਨਿ ਕਰਤੈ ਕਰਣਾ ਕੀਆ ਲਿਖਿਆ ਆਵਣ ਜਾਣੁ ॥ (467-9, ਆਸਾ, ਮਃ 1)
ਨਾਨਕ ਮਤੀ ਮਿਥਿਆ ਕਰਮੁ ਸਚਾ ਨੀਸਾਣੁ ॥੨॥ (467-9, ਆਸਾ, ਮਃ 1)
ਪਉੜੀ ॥ (467-10)

ਸਚਾ ਸਾਹਿਬੁ ਏਕੁ ਤੂੰ ਜਿਨਿ ਸਚੋ ਸਚੁ ਵਰਤਾਇਆ ॥ (467-10, ਆਸਾ, ਮਃ 1)
ਜਿਸੁ ਤੂੰ ਦੇਹਿ ਤਿਸੁ ਮਿਲੈ ਸਚੁ ਤਾ ਤਿਨ੍ਹ੍ਹੀ ਸਚੁ ਕਮਾਇਆ ॥ (467-10, ਆਸਾ, ਮਃ 1)
ਸਤਿਗੁਰਿ ਮਿਲਿਐ ਸਚੁ ਪਾਇਆ ਜਿਨ੍ਹ੍ਹ ਕੈ ਹਿਰਦੈ ਸਚੁ ਵਸਾਇਆ ॥ (467-11, ਆਸਾ, ਮਃ 1)
ਮੂਰਖ ਸਚੁ ਨ ਜਾਣਨ੍ਹ੍ਹੀ ਮਨਮੁਖੀ ਜਨਮੁ ਗਵਾਇਆ ॥ (467-12, ਆਸਾ, ਮਃ 1)
ਵਿਚਿ ਦੁਨੀਆ ਕਾਹੇ ਆਇਆ ॥੮॥ (467-12, ਆਸਾ, ਮਃ 1)

ਆਸਾ ਮਹਲਾ ੪ ॥ (449-16)
ਹਰਿ ਅੰਮ੍ਰਿਤ ਭਗਤਿ ਭੰਡਾਰ ਹੈ ਗੁਰ ਸਤਿਗੁਰ ਪਾਸੇ ਰਾਮ ਰਾਜੇ ॥ (449-16, ਆਸਾ, ਮਃ 4)
ਗੁਰੁ ਸਤਿਗੁਰੁ ਸਚਾ ਸਾਹੁ ਹੈ ਸਿਖ ਦੇਇ ਹਰਿ ਰਾਸੇ ॥ (449-17, ਆਸਾ, ਮਃ 4)
ਧਨੁ ਧੰਨੁ ਵਣਜਾਰਾ ਵਣਜੁ ਹੈ ਗੁਰੁ ਸਾਹੁ ਸਾਬਾਸੇ ॥ (449-17, ਆਸਾ, ਮਃ 4)
ਜਨੁ ਨਾਨਕੁ ਗੁਰੁ ਤਿਨ੍ਹ੍ਹੀ ਪਾਇਆ ਜਿਨ ਧੁਰਿ ਲਿਖਤੁ ਲਿਲਾਟਿ ਲਿਖਾਸੇ ॥੧॥ (449-18, ਆਸਾ, ਮਃ 4)

ਸਲੋਕੁ ਮਃ ੧ ॥ (467-13)
ਪੜਿ ਪੜਿ ਗਡੀ ਲਦੀਅਹਿ ਪੜਿ ਪੜਿ ਭਰੀਅਹਿ ਸਾਥ ॥ (467-13, ਆਸਾ, ਮਃ 1)
ਪੜਿ ਪੜਿ ਬੇੜੀ ਪਾਈਐ ਪੜਿ ਪੜਿ ਗਡੀਅਹਿ ਖਾਤ ॥ (467-13, ਆਸਾ, ਮਃ 1)
ਪੜੀਅਹਿ ਜੇਤੇ ਬਰਸ ਬਰਸ ਪੜੀਅਹਿ ਜੇਤੇ ਮਾਸ ॥ (467-14, ਆਸਾ, ਮਃ 1)
ਪੜੀਐ ਜੇਤੀ ਆਰਜਾ ਪੜੀਅਹਿ ਜੇਤੇ ਸਾਸ ॥ (467-14, ਆਸਾ, ਮਃ 1)
ਨਾਨਕ ਲੇਖੈ ਇਕ ਗਲ ਹੋਰੁ ਹਉਮੈ ਝਖਣਾ ਝਾਖ ॥੧॥ (467-15, ਆਸਾ, ਮਃ 1)
ਮਃ ੧ ॥ (467-15)
ਲਿਖਿ ਲਿਖਿ ਪੜਿਆ ॥ (467-15, ਆਸਾ, ਮਃ 1)
ਤੇਤਾ ਕੜਿਆ ॥ (467-15, ਆਸਾ, ਮਃ 1)
ਬਹੁ ਤੀਰਥ ਭਵਿਆ ॥ (467-15, ਆਸਾ, ਮਃ 1)
ਤੇਤੋ ਲਵਿਆ ॥ (467-16, ਆਸਾ, ਮਃ 1)
ਬਹੁ ਭੇਖ ਕੀਆ ਦੇਹੀ ਦੁਖੁ ਦੀਆ ॥ (467-16, ਆਸਾ, ਮਃ 1)
ਸਹੁ ਵੇ ਜੀਆ ਅਪਣਾ ਕੀਆ ॥ (467-16, ਆਸਾ, ਮਃ 1)
ਅੰਨੁ ਨ ਖਾਇਆ ਸਾਦੁ ਗਵਾਇਆ ॥ (467-16, ਆਸਾ, ਮਃ 1)
ਬਹੁ ਦੁਖੁ ਪਾਇਆ ਦੂਜਾ ਭਾਇਆ ॥ (467-17, ਆਸਾ, ਮਃ 1)
ਬਸਤ੍ਰ ਨ ਪਹਿਰੈ ॥ (467-17, ਆਸਾ, ਮਃ 1)
ਅਹਿਨਿਸਿ ਕਹਰੈ ॥ (467-17, ਆਸਾ, ਮਃ 1)
ਮੋਨਿ ਵਿਗੂਤਾ ॥ (467-17, ਆਸਾ, ਮਃ 1)
ਕਿਉ ਜਾਗੈ ਗੁਰ ਬਿਨੁ ਸੂਤਾ ॥ (467-18, ਆਸਾ, ਮਃ 1)
ਪਗ ਉਪੇਤਾਣਾ ॥ (467-18, ਆਸਾ, ਮਃ 1)
ਅਪਣਾ ਕੀਆ ਕਮਾਣਾ ॥ (467-18, ਆਸਾ, ਮਃ 1)
ਅਲੁ ਮਲੁ ਖਾਈ ਸਿਰਿ ਛਾਈ ਪਾਈ ॥ (467-18, ਆਸਾ, ਮਃ 1)
ਮੂਰਖਿ ਅੰਧੈ ਪਤਿ ਗਵਾਈ ॥ (467-19, ਆਸਾ, ਮਃ 1)
ਵਿਣੁ ਨਾਵੈ ਕਿਛੁ ਥਾਇ ਨ ਪਾਈ ॥ (467-19, ਆਸਾ, ਮਃ 1)

ਰਹੈ ਬੇਬਾਣੀ ਮੜੀ ਮਸਾਣੀ ॥ (467-19, ਆਸਾ, ਮਃ 1)
ਅੰਧੁ ਨ ਜਾਣੈ ਫਿਰਿ ਪਛੁਤਾਣੀ ॥ (467-19, ਆਸਾ, ਮਃ 1)
ਸਤਿਗੁਰੁ ਭੇਟੇ ਸੋ ਸੁਖੁ ਪਾਏ ॥ (468-1, ਆਸਾ, ਮਃ 1)
ਹਰਿ ਕਾ ਨਾਮੁ ਮੰਨਿ ਵਸਾਏ ॥ (468-1, ਆਸਾ, ਮਃ 1)
ਨਾਨਕ ਨਦਰਿ ਕਰੇ ਸੋ ਪਾਏ ॥ (468-1, ਆਸਾ, ਮਃ 1)
ਆਸ ਅੰਦੇਸੇ ਤੇ ਨਿਹਕੇਵਲੁ ਹਉਮੈ ਸਬਦਿ ਜਲਾਏ ॥੨॥ (468-2, ਆਸਾ, ਮਃ 1)
ਪਉੜੀ ॥ (468-2)
ਭਗਤ ਤੇਰੈ ਮਨਿ ਭਾਵਦੇ ਦਰਿ ਸੋਹਨਿ ਕੀਰਤਿ ਗਾਵਦੇ ॥ (468-2, ਆਸਾ, ਮਃ 1)
ਨਾਨਕ ਕਰਮਾ ਬਾਹਰੇ ਦਰਿ ਢੋਅ ਨ ਲਹਨ੍ਹੀ ਧਾਵਦੇ ॥ (468-3, ਆਸਾ, ਮਃ 1)
ਇਕਿ ਮੂਲੁ ਨ ਬੁਝਨ੍ਹਿ ਆਪਣਾ ਅਣਹੋਦਾ ਆਪੁ ਗਣਾਇਦੇ ॥ (468-3, ਆਸਾ, ਮਃ 1)
ਹਉ ਢਾਢੀ ਕਾ ਨੀਚ ਜਾਤਿ ਹੋਰਿ ਉਤਮ ਜਾਤਿ ਸਦਾਇਦੇ ॥ (468-4, ਆਸਾ, ਮਃ 1)
ਤਿਨ੍ਹ ਮੰਗਾ ਜਿ ਤੁਝੈ ਧਿਆਇਦੇ ॥੯॥ (468-4, ਆਸਾ, ਮਃ 1)

ਸਚੁ ਸਾਹੁ ਹਮਾਰਾ ਤੂੰ ਧਣੀ ਸਭੁ ਜਗਤੁ ਵਣਜਾਰਾ ਰਾਮ ਰਾਜੇ ॥ (449-18, ਆਸਾ, ਮਃ 4)
ਸਭ ਭਾਂਡੇ ਤੁਧੈ ਸਾਜਿਆ ਵਿਚਿ ਵਸਤੁ ਹਰਿ ਥਾਰਾ ॥ (449-19, ਆਸਾ, ਮਃ 4)
ਜੋ ਪਾਵਹਿ ਭਾਂਡੇ ਵਿਚਿ ਵਸਤੁ ਸਾ ਨਿਕਲੈ ਕਿਆ ਕੋਈ ਕਰੇ ਵੇਚਾਰਾ ॥ (449-19, ਆਸਾ, ਮਃ 4)
ਜਨ ਨਾਨਕ ਕਉ ਹਰਿ ਬਖਸਿਆ ਹਰਿ ਭਗਤਿ ਭੰਡਾਰਾ ॥੨॥ (450-1, ਆਸਾ, ਮਃ 4)

ਸਲੋਕੁ ਮਃ ੧ ॥ (468-5)
ਕੂੜੁ ਰਾਜਾ ਕੂੜੁ ਪਰਜਾ ਕੂੜੁ ਸਭੁ ਸੰਸਾਰੁ ॥ (468-5, ਆਸਾ, ਮਃ 1)
ਕੂੜੁ ਮੰਡਪ ਕੂੜੁ ਮਾੜੀ ਕੂੜੁ ਬੈਸਣਹਾਰੁ ॥ (468-5, ਆਸਾ, ਮਃ 1)
ਕੂੜੁ ਸੁਇਨਾ ਕੂੜੁ ਰੁਪਾ ਕੂੜੁ ਪੈਨ੍ਹਣਹਾਰੁ ॥ (468-5, ਆਸਾ, ਮਃ 1)
ਕੂੜੁ ਕਾਇਆ ਕੂੜੁ ਕਪੜੁ ਕੂੜੁ ਰੂਪੁ ਅਪਾਰੁ ॥ (468-6, ਆਸਾ, ਮਃ 1)
ਕੂੜੁ ਮੀਆ ਕੂੜੁ ਬੀਬੀ ਖਪਿ ਹੋਏ ਖਾਰੁ ॥ (468-6, ਆਸਾ, ਮਃ 1)
ਕੂੜਿ ਕੂੜੈ ਨੇਹੁ ਲਗਾ ਵਿਸਰਿਆ ਕਰਤਾਰੁ ॥ (468-7, ਆਸਾ, ਮਃ 1)
ਕਿਸੁ ਨਾਲਿ ਕੀਚੈ ਦੋਸਤੀ ਸਭੁ ਜਗੁ ਚਲਣਹਾਰੁ ॥ (468-7, ਆਸਾ, ਮਃ 1)
ਕੂੜੁ ਮਿਠਾ ਕੂੜੁ ਮਾਖਿਉ ਕੂੜੁ ਡੋਬੇ ਪੂਰੁ ॥ (468-7, ਆਸਾ, ਮਃ 1)
ਨਾਨਕੁ ਵਖਾਣੈ ਬੇਨਤੀ ਤੁਧੁ ਬਾਝੁ ਕੂੜੋ ਕੂੜੁ ॥੧॥ (468-8, ਆਸਾ, ਮਃ 1)
ਮਃ ੧ ॥ (468-8)
ਸਚੁ ਤਾ ਪਰੁ ਜਾਣੀਐ ਜਾ ਰਿਦੈ ਸਚਾ ਹੋਇ ॥ (468-8, ਆਸਾ, ਮਃ 1)
ਕੂੜ ਕੀ ਮਲੁ ਉਤਰੈ ਤਨੁ ਕਰੇ ਹਛਾ ਧੋਇ ॥ (468-9, ਆਸਾ, ਮਃ 1)
ਸਚੁ ਤਾ ਪਰੁ ਜਾਣੀਐ ਜਾ ਸਚਿ ਧਰੇ ਪਿਆਰੁ ॥ (468-9, ਆਸਾ, ਮਃ 1)
ਨਾਉ ਸੁਣਿ ਮਨੁ ਰਹਸੀਐ ਤਾ ਪਾਏ ਮੋਖ ਦੁਆਰੁ ॥ (468-9, ਆਸਾ, ਮਃ 1)
ਸਚੁ ਤਾ ਪਰੁ ਜਾਣੀਐ ਜਾ ਜੁਗਤਿ ਜਾਣੈ ਜੀਉ ॥ (468-10, ਆਸਾ, ਮਃ 1)
ਧਰਤਿ ਕਾਇਆ ਸਾਧਿ ਕੈ ਵਿਚਿ ਦੇਇ ਕਰਤਾ ਬੀਉ ॥ (468-10, ਆਸਾ, ਮਃ 1)
ਸਚੁ ਤਾ ਪਰੁ ਜਾਣੀਐ ਜਾ ਸਿਖ ਸਚੀ ਲੇਇ ॥ (468-11, ਆਸਾ, ਮਃ 1)

ਦਇਆ ਜਾਣੈ ਜੀਅ ਕੀ ਕਿਛੁ ਪੁੰਨੁ ਦਾਨੁ ਕਰੇਇ ॥ (468-11, ਆਸਾ, ਮਃ 1)
ਸਚੁ ਤਾਂ ਪਰੁ ਜਾਣੀਐ ਜਾ ਆਤਮ ਤੀਰਥਿ ਕਰੇ ਨਿਵਾਸੁ ॥ (468-12, ਆਸਾ, ਮਃ 1)
ਸਤਿਗੁਰੂ ਨੋ ਪੁਛਿ ਕੈ ਬਹਿ ਰਹੈ ਕਰੇ ਨਿਵਾਸੁ ॥ (468-12, ਆਸਾ, ਮਃ 1)
ਸਚੁ ਸਭਨਾ ਹੋਇ ਦਾਰੂ ਪਾਪ ਕਢੈ ਧੋਇ ॥ (468-13, ਆਸਾ, ਮਃ 1)
ਨਾਨਕੁ ਵਖਾਣੈ ਬੇਨਤੀ ਜਿਨ ਸਚੁ ਪਲੈ ਹੋਇ ॥੨॥ (468-13, ਆਸਾ, ਮਃ 1)
ਪਉੜੀ ॥ (468-13)
ਦਾਨੁ ਮਹਿੰਡਾ ਤਲੀ ਖਾਕੁ ਜੇ ਮਿਲੈ ਤ ਮਸਤਕਿ ਲਾਈਐ ॥ (468-14, ਆਸਾ, ਮਃ 1)
ਕੂੜਾ ਲਾਲਚੁ ਛਡੀਐ ਹੋਇ ਇਕ ਮਨਿ ਅਲਖੁ ਧਿਆਈਐ ॥ (468-14, ਆਸਾ, ਮਃ 1)
ਫਲੁ ਤੇਵੇਹੋ ਪਾਈਐ ਜੇਵੇਹੀ ਕਾਰ ਕਮਾਈਐ ॥ (468-15, ਆਸਾ, ਮਃ 1)
ਜੇ ਹੋਵੈ ਪੂਰਬਿ ਲਿਖਿਆ ਤਾ ਧੂੜਿ ਤਿਨ੍ਹਾ ਦੀ ਪਾਈਐ ॥ (468-15, ਆਸਾ, ਮਃ 1)
ਮਤਿ ਥੋੜੀ ਸੇਵ ਗਵਾਈਐ ॥੧੦॥ (468-16, ਆਸਾ, ਮਃ 1)

ਹਮ ਕਿਆ ਗੁਣ ਤੇਰੇ ਵਿਥਰਹ ਸੁਆਮੀ ਤੂੰ ਅਪਰ ਅਪਾਰੋ ਰਾਮ ਰਾਜੇ ॥ (450-2, ਆਸਾ, ਮਃ 4)
ਹਰਿ ਨਾਮੁ ਸਾਲਾਹਹ ਦਿਨੁ ਰਾਤਿ ਏਹਾ ਆਸ ਆਧਾਰੋ ॥ (450-2, ਆਸਾ, ਮਃ 4)
ਹਮ ਮੂਰਖ ਕਿਛੂਅ ਨ ਜਾਣਹਾ ਕਿਵ ਪਾਵਹ ਪਾਰੋ ॥ (450-3, ਆਸਾ, ਮਃ 4)
ਜਨੁ ਨਾਨਕੁ ਹਰਿ ਕਾ ਦਾਸੁ ਹੈ ਹਰਿ ਦਾਸ ਪਨਿਹਾਰੋ ॥੩॥ (450-3, ਆਸਾ, ਮਃ 4)

ਸਲੋਕੁ ਮਃ ੧ ॥ (468-16)
ਸਚਿ ਕਾਲੁ ਕੂੜੁ ਵਰਤਿਆ ਕਲਿ ਕਾਲਖ ਬੇਤਾਲ ॥ (468-16, ਆਸਾ, ਮਃ 1)
ਬੀਉ ਬੀਜਿ ਪਤਿ ਲੈ ਗਏ ਅਬ ਕਿਉ ਉਗਵੈ ਦਾਲਿ ॥ (468-16, ਆਸਾ, ਮਃ 1)
ਜੇ ਇਕੁ ਹੋਇ ਤ ਉਗਵੈ ਰੁਤੀ ਹੂ ਰੁਤਿ ਹੋਇ ॥ (468-17, ਆਸਾ, ਮਃ 1)
ਨਾਨਕ ਪਾਹੈ ਬਾਹਰਾ ਕੋਰੈ ਰੰਗੁ ਨ ਸੋਇ ॥ (468-17, ਆਸਾ, ਮਃ 1)
ਭੈ ਵਿਚਿ ਖੁੰਬਿ ਚੜਾਈਐ ਸਰਮੁ ਪਾਹੁ ਤਨਿ ਹੋਇ ॥ (468-18, ਆਸਾ, ਮਃ 1)
ਨਾਨਕ ਭਗਤੀ ਜੇ ਰਪੈ ਕੂੜੈ ਸੋਇ ਨ ਕੋਇ ॥੧॥ (468-18, ਆਸਾ, ਮਃ 1)
ਮਃ ੧ ॥ (468-19)
ਲਬੁ ਪਾਪੁ ਦੁਇ ਰਾਜਾ ਮਹਤਾ ਕੂੜੁ ਹੋਆ ਸਿਕਦਾਰੁ ॥ (468-19, ਆਸਾ, ਮਃ 1)
ਕਾਮੁ ਨੇਬੁ ਸਦਿ ਪੁਛੀਐ ਬਹਿ ਬਹਿ ਕਰੇ ਬੀਚਾਰੁ ॥ (468-19, ਆਸਾ, ਮਃ 1)
ਅੰਧੀ ਰਯਤਿ ਗਿਆਨ ਵਿਹੂਣੀ ਭਾਹਿ ਭਰੇ ਮੁਰਦਾਰੁ ॥ (469-1, ਆਸਾ, ਮਃ 1)
ਗਿਆਨੀ ਨਚਹਿ ਵਾਜੇ ਵਾਵਹਿ ਰੂਪ ਕਰਹਿ ਸੀਗਾਰੁ ॥ (469-1, ਆਸਾ, ਮਃ 1)
ਊਚੇ ਕੂਕਹਿ ਵਾਦਾ ਗਾਵਹਿ ਜੋਧਾ ਕਾ ਵੀਚਾਰੁ ॥ (469-2, ਆਸਾ, ਮਃ 1)
ਮੂਰਖ ਪੰਡਿਤ ਹਿਕਮਤਿ ਹੁਜਤਿ ਸੰਜੈ ਕਰਹਿ ਪਿਆਰੁ ॥ (469-2, ਆਸਾ, ਮਃ 1)
ਧਰਮੀ ਧਰਮੁ ਕਰਹਿ ਗਾਵਾਵਹਿ ਮੰਗਹਿ ਮੋਖ ਦੁਆਰੁ ॥ (469-3, ਆਸਾ, ਮਃ 1)
ਜਤੀ ਸਦਾਵਹਿ ਜੁਗਤਿ ਨ ਜਾਣਹਿ ਛਡਿ ਬਹਹਿ ਘਰ ਬਾਰੁ ॥ (469-3, ਆਸਾ, ਮਃ 1)
ਸਭੁ ਕੋ ਪੂਰਾ ਆਪੇ ਹੋਵੈ ਘਟਿ ਨ ਕੋਈ ਆਖੈ ॥ (469-4, ਆਸਾ, ਮਃ 1)
ਪਤਿ ਪਰਵਾਣਾ ਪਿਛੈ ਪਾਈਐ ਤਾ ਨਾਨਕ ਤੋਲਿਆ ਜਾਪੈ ॥੨॥ (469-4, ਆਸਾ, ਮਃ 1)
ਮਃ ੧ ॥ (469-5)

ਵਦੀ ਸੁ ਵਜਗਿ ਨਾਨਕਾ ਸਚਾ ਵੇਖੈ ਸੋਇ ॥ (469-5, ਆਸਾ, ਮਃ 1)
ਸਭਨੀ ਛਾਲਾ ਮਾਰੀਆ ਕਰਤਾ ਕਰੇ ਸੁ ਹੋਇ ॥ (469-5, ਆਸਾ, ਮਃ 1)
ਅਗੈ ਜਾਤਿ ਨ ਜੋਰੁ ਹੈ ਅਗੈ ਜੀਉ ਨਵੇ ॥ (469-6, ਆਸਾ, ਮਃ 1)
ਜਿਨ ਕੀ ਲੇਖੈ ਪਤਿ ਪਵੈ ਚੰਗੇ ਸੇਈ ਕੇਇ ॥੩॥ (469-6, ਆਸਾ, ਮਃ 1)
ਪਉੜੀ ॥ (469-6)
ਧੁਰਿ ਕਰਮੁ ਜਿਨਾ ਕਉ ਤੁਧੁ ਪਾਇਆ ਤਾ ਤਿਨੀ ਖਸਮੁ ਧਿਆਇਆ ॥ (469-7, ਆਸਾ, ਮਃ 1)
ਏਨਾ ਜੰਤਾ ਕੈ ਵਸਿ ਕਿਛੁ ਨਾਹੀ ਤੁਧੁ ਵੇਕੀ ਜਗਤੁ ਉਪਾਇਆ ॥ (469-7, ਆਸਾ, ਮਃ 1)
ਇਕਨਾ ਨੋ ਤੂੰ ਮੇਲਿ ਲੈਹਿ ਇਕਿ ਆਪਹੁ ਤੁਧੁ ਖੁਆਇਆ ॥ (469-8, ਆਸਾ, ਮਃ 1)
ਗੁਰ ਕਿਰਪਾ ਤੇ ਜਾਣਿਆ ਜਿਥੈ ਤੁਧੁ ਆਪੁ ਬੁਝਾਇਆ ॥ (469-8, ਆਸਾ, ਮਃ 1)
ਸਹਜੇ ਹੀ ਸਚਿ ਸਮਾਇਆ ॥੧੧॥ (469-9, ਆਸਾ, ਮਃ 1)

ਜਿਉ ਭਾਵੈ ਤਿਉ ਰਾਖਿ ਲੈ ਹਮ ਸਰਣਿ ਪ੍ਰਭ ਆਏ ਰਾਮ ਰਾਜੇ ॥ (450-4, ਆਸਾ, ਮਃ 4)
ਹਮ ਭੂਲਿ ਵਿਗਾੜਹ ਦਿਨਸੁ ਰਾਤਿ ਹਰਿ ਲਾਜ ਰਖਾਏ ॥ (450-4, ਆਸਾ, ਮਃ 4)
ਹਮ ਬਾਰਿਕ ਤੂੰ ਗੁਰੁ ਪਿਤਾ ਹੈ ਦੇ ਮਤਿ ਸਮਝਾਏ ॥ (450-5, ਆਸਾ, ਮਃ 4)
ਜਨੁ ਨਾਨਕੁ ਦਾਸੁ ਹਰਿ ਕਾਂਢਿਆ ਹਰਿ ਪੈਜ ਰਖਾਏ ॥੪॥੧੦॥੧੭॥ (450-5, ਆਸਾ, ਮਃ 4)

ਸਲੋਕੁ ਮਃ ੧ ॥ (469-9)
ਦੁਖੁ ਦਾਰੂ ਸੁਖੁ ਰੋਗੁ ਭਇਆ ਜਾ ਸੁਖੁ ਤਾਮਿ ਨ ਹੋਈ ॥ (469-9, ਆਸਾ, ਮਃ 1)
ਤੂੰ ਕਰਤਾ ਕਰਣਾ ਮੈ ਨਾਹੀ ਜਾ ਹਉ ਕਰੀ ਨ ਹੋਈ ॥੧॥ (469-10, ਆਸਾ, ਮਃ 1)
ਬਲਿਹਾਰੀ ਕੁਦਰਤਿ ਵਸਿਆ ॥ (469-10, ਆਸਾ, ਮਃ 1)
ਤੇਰਾ ਅੰਤੁ ਨ ਜਾਈ ਲਖਿਆ ॥੧॥ ਰਹਾਉ ॥ (469-11, ਆਸਾ, ਮਃ 1)
ਜਾਤਿ ਮਹਿ ਜੋਤਿ ਜੋਤਿ ਮਹਿ ਜਾਤਾ ਅਕਲ ਕਲਾ ਭਰਪੂਰਿ ਰਹਿਆ ॥ (469-11, ਆਸਾ, ਮਃ 1)
ਤੂੰ ਸਚਾ ਸਾਹਿਬੁ ਸਿਫਤਿ ਸੁਆਲ੍ਹਿਉ ਜਿਨਿ ਕੀਤੀ ਸੋ ਪਾਰਿ ਪਇਆ ॥ (469-12, ਆਸਾ, ਮਃ 1)
ਕਹੁ ਨਾਨਕ ਕਰਤੇ ਕੀਆ ਬਾਤਾ ਜੋ ਕਿਛੁ ਕਰਣਾ ਸੁ ਕਰਿ ਰਹਿਆ ॥੨॥ (469-12, ਆਸਾ, ਮਃ 1)
ਮਃ ੨ ॥ (469-13)
ਜੋਗ ਸਬਦੰ ਗਿਆਨ ਸਬਦੰ ਬੇਦ ਸਬਦੰ ਬ੍ਰਾਹਮਣਹ ॥ (469-13, ਆਸਾ, ਮਃ 2)
ਖਤ੍ਰੀ ਸਬਦੰ ਸੂਰ ਸਬਦੰ ਸੂਦ੍ਰ ਸਬਦੰ ਪਰਾ ਕ੍ਰਿਤਹ ॥ (469-14, ਆਸਾ, ਮਃ 2)
ਸਰਬ ਸਬਦੰ ਏਕ ਸਬਦੰ ਜੇ ਕੋ ਜਾਣੈ ਭੇਉ ॥ ਨਾਨਕੁ ਤਾ ਕਾ ਦਾਸੁ ਹੈ ਸੋਈ ਨਿਰੰਜਨ ਦੇਉ ॥੩॥ (469-14, ਆਸਾ, ਮਃ 2)
ਮਃ ੨ ॥ (469-15)
ਏਕ ਕ੍ਰਿਸਨੰ ਸਰਬ ਦੇਵਾ ਦੇਵ ਦੇਵਾ ਤ ਆਤਮਾ ॥ (469-15, ਆਸਾ, ਮਃ 2)
ਆਤਮਾ ਬਾਸੁਦੇਵਸ੍ਿ ਜੇ ਕੋ ਜਾਣੈ ਭੇਉ ॥ ਨਾਨਕੁ ਤਾ ਕਾ ਦਾਸੁ ਹੈ ਸੋਈ ਨਿਰੰਜਨ ਦੇਉ ॥੪॥ (469-15, ਆਸਾ, ਮਃ 2)
ਮਃ ੧ ॥ (469-16)
ਕੁੰਭੇ ਬਧਾ ਜਲੁ ਰਹੈ ਜਲ ਬਿਨੁ ਕੁੰਭੁ ਨ ਹੋਇ ॥ (469-16, ਆਸਾ, ਮਃ 1)
ਗਿਆਨ ਕਾ ਬਧਾ ਮਨੁ ਰਹੈ ਗੁਰ ਬਿਨੁ ਗਿਆਨੁ ਨ ਹੋਇ ॥੫॥ (469-17, ਆਸਾ, ਮਃ 1)

ਪਉੜੀ ॥ (469-17)
ਪੜਿਆ ਹੋਵੈ ਗੁਨਹਗਾਰੁ ਤਾ ਓਮੀ ਸਾਧੁ ਨ ਮਾਰੀਐ ॥ (469-17, ਆਸਾ, ਮਃ 1)
ਜੇਹਾ ਘਾਲੇ ਘਾਲਣਾ ਤੇਵੇਹੋ ਨਾਉ ਪਚਾਰੀਐ ॥ (469-18, ਆਸਾ, ਮਃ 1)
ਐਸੀ ਕਲਾ ਨ ਖੇਡੀਐ ਜਿਤੁ ਦਰਗਹ ਗਇਆ ਹਾਰੀਐ ॥ (469-18, ਆਸਾ, ਮਃ 1)
ਪੜਿਆ ਅਤੈ ਓਮੀਆ ਵੀਚਾਰੁ ਅਗੈ ਵੀਚਾਰੀਐ ॥ (469-19, ਆਸਾ, ਮਃ 1)
ਮੁਹਿ ਚਲੈ ਸੁ ਅਗੈ ਮਾਰੀਐ ॥੧੨॥ (469-19, ਆਸਾ, ਮਃ 1)

ਜਿਨ ਮਸਤਕਿ ਧੁਰਿ ਹਰਿ ਲਿਖਿਆ ਤਿਨਾ ਸਤਿਗੁਰੁ ਮਿਲਿਆ ਰਾਮ ਰਾਜੇ ॥ (450-6, ਆਸਾ, ਮਃ 4)
ਅਗਿਆਨੁ ਅੰਧੇਰਾ ਕਟਿਆ ਗੁਰ ਗਿਆਨੁ ਘਟਿ ਬਲਿਆ ॥ (450-7, ਆਸਾ, ਮਃ 4)
ਹਰਿ ਲਧਾ ਰਤਨੁ ਪਦਾਰਥੋ ਫਿਰਿ ਬਹੁੜਿ ਨ ਚਲਿਆ ॥ (450-7, ਆਸਾ, ਮਃ 4)
ਜਨ ਨਾਨਕ ਨਾਮੁ ਆਰਾਧਿਆ ਆਰਾਧਿ ਹਰਿ ਮਿਲਿਆ ॥੧॥ (450-8, ਆਸਾ, ਮਃ 4)

ਸਲੋਕੁ ਮਃ ੧ ॥ (470-1)
ਨਾਨਕ ਮੇਰੁ ਸਰੀਰ ਕਾ ਇਕੁ ਰਥੁ ਇਕੁ ਰਥਵਾਹੁ ॥ (470-1, ਆਸਾ, ਮਃ 1)
ਜੁਗੁ ਜੁਗੁ ਫੇਰਿ ਵਟਾਈਅਹਿ ਗਿਆਨੀ ਬੁਝਹਿ ਤਾਹਿ ॥ (470-1, ਆਸਾ, ਮਃ 1)
ਸਤਜੁਗਿ ਰਥੁ ਸੰਤੋਖ ਕਾ ਧਰਮੁ ਅਗੈ ਰਥਵਾਹੁ ॥ (470-2, ਆਸਾ, ਮਃ 1)
ਤ੍ਰੇਤੈ ਰਥੁ ਜਤੈ ਕਾ ਜੋਰੁ ਅਗੈ ਰਥਵਾਹੁ ॥ (470-2, ਆਸਾ, ਮਃ 1)
ਦੁਆਪੁਰਿ ਰਥੁ ਤਪੈ ਕਾ ਸਤੁ ਅਗੈ ਰਥਵਾਹੁ ॥ (470-3, ਆਸਾ, ਮਃ 1)
ਕਲਜੁਗਿ ਰਥੁ ਅਗਨਿ ਕਾ ਕੂੜੁ ਅਗੈ ਰਥਵਾਹੁ ॥੧॥ (470-3, ਆਸਾ, ਮਃ 1)
ਮਃ ੧ ॥ (470-4)
ਸਾਮ ਕਹੈ ਸੇਤੰਬਰੁ ਸੁਆਮੀ ਸਚ ਮਹਿ ਆਛੈ ਸਾਚਿ ਰਹੇ ॥ ਸਭੁ ਕੋ ਸਚਿ ਸਮਾਵੈ ॥ (470-4, ਆਸਾ, ਮਃ 1)
ਰਿਗੁ ਕਹੈ ਰਹਿਆ ਭਰਪੂਰਿ ॥ (470-4, ਆਸਾ, ਮਃ 1)
ਰਾਮ ਨਾਮੁ ਦੇਵਾ ਮਹਿ ਸੂਰੁ ॥ (470-5, ਆਸਾ, ਮਃ 1)
ਨਾਇ ਲਇਐ ਪਰਾਛਤ ਜਾਹਿ ॥ (470-5, ਆਸਾ, ਮਃ 1)
ਨਾਨਕ ਤਉ ਮੋਖੰਤਰੁ ਪਾਹਿ ॥ (470-5, ਆਸਾ, ਮਃ 1)
ਜੁਜ ਮਹਿ ਜੋਰਿ ਛਲੀ ਚੰਦ੍ਰਾਵਲਿ ਕਾਨ੍ਹ ਕ੍ਰਿਸਨੁ ਜਾਦਮੁ ਭਇਆ ॥ (470-6, ਆਸਾ, ਮਃ 1)
ਪਾਰਜਾਤੁ ਗੋਪੀ ਲੈ ਆਇਆ ਬਿੰਦ੍ਰਾਬਨ ਮਹਿ ਰੰਗੁ ਕੀਆ ॥ (470-6, ਆਸਾ, ਮਃ 1)
ਕਲਿ ਮਹਿ ਬੇਦੁ ਅਥਰਬਣੁ ਹੂਆ ਨਾਉ ਖੁਦਾਈ ਅਲਹੁ ਭਇਆ ॥ (470-7, ਆਸਾ, ਮਃ 1)
ਨੀਲ ਬਸਤ੍ਰ ਲੇ ਕਪੜੇ ਪਹਿਰੇ ਤੁਰਕ ਪਠਾਣੀ ਅਮਲੁ ਕੀਆ ॥ (470-7, ਆਸਾ, ਮਃ 1)
ਚਾਰੇ ਵੇਦ ਹੋਏ ਸਚਿਆਰ ॥ (470-8, ਆਸਾ, ਮਃ 1)
ਪੜਹਿ ਗੁਣਹਿ ਤਿਨ੍ ਚਾਰ ਵੀਚਾਰ ॥ (470-8, ਆਸਾ, ਮਃ 1)
ਭਾਉ ਭਗਤਿ ਕਰਿ ਨੀਚੁ ਸਦਾਏ ॥ ਤਉ ਨਾਨਕ ਮੋਖੰਤਰੁ ਪਾਏ ॥੨॥ (470-8, ਆਸਾ, ਮਃ 1)
ਪਉੜੀ ॥ (470-9)
ਸਤਿਗੁਰ ਵਿਟਹੁ ਵਾਰਿਆ ਜਿਤੁ ਮਿਲਿਐ ਖਸਮੁ ਸਮਾਲਿਆ ॥ (470-9, ਆਸਾ, ਮਃ 1)
ਜਿਨਿ ਕਰਿ ਉਪਦੇਸੁ ਗਿਆਨ ਅੰਜਨੁ ਦੀਆ ਇਨ੍ਹੀ ਨੇਤ੍ਰੀ ਜਗਤੁ ਨਿਹਾਲਿਆ ॥ (470-10, ਆਸਾ, ਮਃ 1)
ਖਸਮੁ ਛੋਡਿ ਦੂਜੈ ਲਗੇ ਡੁਬੇ ਸੇ ਵਣਜਾਰਿਆ ॥ (470-10, ਆਸਾ, ਮਃ 1)

ਸਤਿਗੁਰੁ ਹੈ ਬੋਹਿਥਾ ਵਿਰਲੈ ਕਿਨੈ ਵੀਚਾਰਿਆ ॥ (470-11, ਆਸਾ, ਮਃ 1)
ਕਰਿ ਕਿਰਪਾ ਪਾਰਿ ਉਤਾਰਿਆ ॥੧੩॥ (470-11, ਆਸਾ, ਮਃ 1)

ਜਿਨੀ ਐਸਾ ਹਰਿ ਨਾਮੁ ਨ ਚੇਤਿਓ ਸੇ ਕਾਹੇ ਜਗਿ ਆਏ ਰਾਮ ਰਾਜੇ ॥ (450-8, ਆਸਾ, ਮਃ 4)
ਇਹੁ ਮਾਣਸ ਜਨਮੁ ਦੁਲੰਭੁ ਹੈ ਨਾਮ ਬਿਨਾ ਬਿਰਥਾ ਸਭੁ ਜਾਏ ॥ (450-9, ਆਸਾ, ਮਃ 4)
ਹੁਣਿ ਵਤੈ ਹਰਿ ਨਾਮੁ ਨ ਬੀਜਿਓ ਅਗੈ ਭੁਖਾ ਕਿਆ ਖਾਏ ॥ (450-9, ਆਸਾ, ਮਃ 4)
ਮਨਮੁਖਾ ਨੋ ਫਿਰਿ ਜਨਮੁ ਹੈ ਨਾਨਕ ਹਰਿ ਭਾਏ ॥੨॥ (450-10, ਆਸਾ, ਮਃ 4)

ਸਲੋਕੁ ਮਃ ੧ ॥ (470-12)
ਸਿੰਮਲ ਰੁਖੁ ਸਰਾਇਰਾ ਅਤਿ ਦੀਰਘ ਅਤਿ ਮੁਚੁ ॥ (470-12, ਆਸਾ, ਮਃ 1)
ਓਇ ਜਿ ਆਵਹਿ ਆਸ ਕਰਿ ਜਾਹਿ ਨਿਰਾਸੇ ਕਿਤੁ ॥ (470-12, ਆਸਾ, ਮਃ 1)
ਫਲ ਫਿਕੇ ਫੁਲ ਬਕਬਕੇ ਕੰਮਿ ਨ ਆਵਹਿ ਪਤ ॥ (470-13, ਆਸਾ, ਮਃ 1)
ਮਿਠਤੁ ਨੀਵੀ ਨਾਨਕਾ ਗੁਣ ਚੰਗਿਆਈਆ ਤਤੁ ॥ (470-13, ਆਸਾ, ਮਃ 1)
ਸਭੁ ਕੋ ਨਿਵੈ ਆਪ ਕਉ ਪਰ ਕਉ ਨਿਵੈ ਨ ਕੋਇ ॥ (470-14, ਆਸਾ, ਮਃ 1)
ਧਰਿ ਤਾਰਾਜੂ ਤੋਲੀਐ ਨਿਵੈ ਸੁ ਗਉਰਾ ਹੋਇ ॥ (470-14, ਆਸਾ, ਮਃ 1)
ਅਪਰਾਧੀ ਦੂਣਾ ਨਿਵੈ ਜੋ ਹੰਤਾ ਮਿਰਗਾਹਿ ॥ (470-15, ਆਸਾ, ਮਃ 1)
ਸੀਸਿ ਨਿਵਾਇਐ ਕਿਆ ਥੀਐ ਜਾ ਰਿਦੈ ਕੁਸੁਧੇ ਜਾਹਿ ॥੧॥ (470-15, ਆਸਾ, ਮਃ 1)
ਮਃ ੧ ॥ (470-16)
ਪੜਿ ਪੁਸਤਕ ਸੰਧਿਆ ਬਾਦੰ ॥ (470-16, ਆਸਾ, ਮਃ 1)
ਸਿਲ ਪੂਜਸਿ ਬਗੁਲ ਸਮਾਧੰ ॥ (470-16, ਆਸਾ, ਮਃ 1)
ਮੁਖਿ ਝੂਠ ਬਿਭੂਖਣ ਸਾਰੰ ॥ (470-16, ਆਸਾ, ਮਃ 1)
ਤ੍ਰੈਪਾਲ ਤਿਹਾਲ ਬਿਚਾਰੰ ॥ (470-16, ਆਸਾ, ਮਃ 1)
ਗਲਿ ਮਾਲਾ ਤਿਲਕੁ ਲਿਲਾਟੰ ॥ (470-17, ਆਸਾ, ਮਃ 1)
ਦੁਇ ਧੋਤੀ ਬਸਤ੍ਰ ਕਪਾਟੰ ॥ (470-17, ਆਸਾ, ਮਃ 1)
ਜੇ ਜਾਣਸਿ ਬ੍ਰਹਮੰ ਕਰਮੰ ॥ (470-17, ਆਸਾ, ਮਃ 1)
ਸਭਿ ਫੋਕਟ ਨਿਸਚਉ ਕਰਮੰ ॥ (470-18, ਆਸਾ, ਮਃ 1)
ਕਹੁ ਨਾਨਕ ਨਿਹਚਉ ਧਿਆਵੈ ॥ (470-18, ਆਸਾ, ਮਃ 1)
ਵਿਣੁ ਸਤਿਗੁਰ ਵਾਟ ਨ ਪਾਵੈ ॥੨॥ (470-18, ਆਸਾ, ਮਃ 1)
ਪਉੜੀ ॥ (470-18)
ਕਪੜੁ ਰੂਪੁ ਸੁਹਾਵਣਾ ਛਡਿ ਦੁਨੀਆ ਅੰਦਰਿ ਜਾਵਣਾ ॥ (470-19, ਆਸਾ, ਮਃ 1)
ਮੰਦਾ ਚੰਗਾ ਆਪਣਾ ਆਪੇ ਹੀ ਕੀਤਾ ਪਾਵਣਾ ॥ (470-19, ਆਸਾ, ਮਃ 1)
ਹੁਕਮ ਕੀਏ ਮਨਿ ਭਾਵਦੇ ਰਾਹਿ ਭੀੜੈ ਅਗੈ ਜਾਵਣਾ ॥ (470-19, ਆਸਾ, ਮਃ 1)
ਨੰਗਾ ਦੋਜਕਿ ਚਾਲਿਆ ਤਾ ਦਿਸੈ ਖਰਾ ਡਰਾਵਣਾ ॥ (471-1, ਆਸਾ, ਮਃ 1)
ਕਰਿ ਅਉਗਣ ਪਛੋਤਾਵਣਾ ॥੧੪॥ (471-1, ਆਸਾ, ਮਃ 1)

ਤੂੰ ਹਰਿ ਤੇਰਾ ਸਭੁ ਕੋ ਸਭਿ ਤੁਧੁ ਉਪਾਏ ਰਾਮ ਰਾਜੇ ॥ (450-10, ਆਸਾ, ਮਃ 4)

ਕਿਛੁ ਹਾਥਿ ਕਿਸੈ ਦੈ ਕਿਛੁ ਨਾਹੀ ਸਭਿ ਚਲਹਿ ਚਲਾਏ ॥ (450-11, ਆਸਾ, ਮਃ 4)
ਜਿਨ੍ ਤੂੰ ਮੇਲਹਿ ਪਿਆਰੇ ਸੇ ਤੁਧੁ ਮਿਲਹਿ ਜੋ ਹਰਿ ਮਨਿ ਭਾਏ ॥ (450-11, ਆਸਾ, ਮਃ 4)
ਜਨ ਨਾਨਕ ਸਤਿਗੁਰੁ ਭੇਟਿਆ ਹਰਿ ਨਾਮਿ ਤਰਾਏ ॥੩॥ (450-12, ਆਸਾ, ਮਃ 4)

ਸਲੋਕੁ ਮਃ ੧ ॥ (471-2)
ਦਇਆ ਕਪਾਹ ਸੰਤੋਖੁ ਸੂਤੁ ਜਤੁ ਗੰਢੀ ਸਤੁ ਵਟੁ ॥ (471-2, ਆਸਾ, ਮਃ 1)
ਏਹੁ ਜਨੇਊ ਜੀਅ ਕਾ ਹਈ ਤ ਪਾਡੇ ਘਤੁ ॥ (471-2, ਆਸਾ, ਮਃ 1)
ਨਾ ਏਹੁ ਤੁਟੈ ਨਾ ਮਲੁ ਲਗੈ ਨਾ ਏਹੁ ਜਲੈ ਨ ਜਾਇ ॥ (471-3, ਆਸਾ, ਮਃ 1)
ਧੰਨੁ ਸੁ ਮਾਣਸ ਨਾਨਕਾ ਜੋ ਗਲਿ ਚਲੇ ਪਾਇ ॥ (471-3, ਆਸਾ, ਮਃ 1)
ਚਉਕੜਿ ਮੁਲਿ ਅਣਾਇਆ ਬਹਿ ਚਉਕੈ ਪਾਇਆ ॥ (471-4, ਆਸਾ, ਮਃ 1)
ਸਿਖਾ ਕੰਨਿ ਚੜਾਈਆ ਗੁਰੁ ਬ੍ਰਾਹਮਣੁ ਥਿਆ ॥ (471-4, ਆਸਾ, ਮਃ 1)
ਓਹੁ ਮੁਆ ਓਹੁ ਝੜਿ ਪਇਆ ਵੇਤਗਾ ਗਇਆ ॥੧॥ (471-5, ਆਸਾ, ਮਃ 1)
ਮਃ ੧ ॥ (471-5)
ਲਖ ਚੋਰੀਆ ਲਖ ਜਾਰੀਆ ਲਖ ਕੂੜੀਆ ਲਖ ਗਾਲਿ ॥ (471-5, ਆਸਾ, ਮਃ 1)
ਲਖ ਠਗੀਆ ਪਹਿਨਾਮੀਆ ਰਾਤਿ ਦਿਨਸੁ ਜੀਅ ਨਾਲਿ ॥ (471-6, ਆਸਾ, ਮਃ 1)
ਤਗੁ ਕਪਾਹਹੁ ਕਤੀਐ ਬਾਮ੍ਣੁ ਵਟੇ ਆਇ ॥ (471-6, ਆਸਾ, ਮਃ 1)
ਕੁਹਿ ਬਕਰਾ ਰਿੰਨਿ੍ ਖਾਇਆ ਸਭੁ ਕੋ ਆਖੈ ਪਾਇ ॥ (471-7, ਆਸਾ, ਮਃ 1)
ਹੋਇ ਪੁਰਾਣਾ ਸੁਟੀਐ ਭੀ ਫਿਰਿ ਪਾਈਐ ਹੋਰੁ ॥ (471-7, ਆਸਾ, ਮਃ 1)
ਨਾਨਕ ਤਗੁ ਨ ਤੁਟਈ ਜੇ ਤਗਿ ਹੋਵੈ ਜੋਰੁ ॥੨॥ (471-8, ਆਸਾ, ਮਃ 1)
ਮਃ ੧ ॥ (471-8)
ਨਾਇ ਮੰਨਿਐ ਪਤਿ ਊਪਜੈ ਸਾਲਾਹੀ ਸਚੁ ਸੂਤੁ ॥ (471-8, ਆਸਾ, ਮਃ 1)
ਦਰਗਹ ਅੰਦਰਿ ਪਾਈਐ ਤਗੁ ਨ ਤੂਟਸਿ ਪੂਤ ॥੩॥ (471-9, ਆਸਾ, ਮਃ 1)
ਮਃ ੧ ॥ (471-9)
ਤਗੁ ਨ ਇੰਦ੍ਰੀ ਤਗੁ ਨ ਨਾਰੀ ॥ (471-9, ਆਸਾ, ਮਃ 1)
ਭਲਕੇ ਥੁਕ ਪਵੈ ਨਿਤ ਦਾੜੀ ॥ (471-9, ਆਸਾ, ਮਃ 1)
ਤਗੁ ਨ ਪੈਰੀ ਤਗੁ ਨ ਹਥੀ ॥ (471-10, ਆਸਾ, ਮਃ 1)
ਤਗੁ ਨ ਜਿਹਵਾ ਤਗੁ ਨ ਅਖੀ ॥ (471-10, ਆਸਾ, ਮਃ 1)
ਵੇਤਗਾ ਆਪੇ ਵਤੈ ॥ (471-10, ਆਸਾ, ਮਃ 1)
ਵਟਿ ਧਾਗੇ ਅਵਰਾ ਘਤੈ ॥ (471-10, ਆਸਾ, ਮਃ 1)
ਲੈ ਭਾੜਿ ਕਰੇ ਵੀਆਹੁ ॥ (471-11, ਆਸਾ, ਮਃ 1)
ਕਢਿ ਕਾਗਲੁ ਦਸੇ ਰਾਹੁ ॥ (471-11, ਆਸਾ, ਮਃ 1)
ਸੁਣਿ ਵੇਖਹੁ ਲੋਕਾ ਏਹੁ ਵਿਡਾਣੁ ॥ (471-11, ਆਸਾ, ਮਃ 1)
ਮਨਿ ਅੰਧਾ ਨਾਉ ਸੁਜਾਣੁ ॥੪॥ (471-12, ਆਸਾ, ਮਃ 1)
ਪਉੜੀ ॥ (471-12)
ਸਾਹਿਬੁ ਹੋਇ ਦਇਆਲੁ ਕਿਰਪਾ ਕਰੇ ਤਾ ਸਾਈ ਕਾਰ ਕਰਾਇਸੀ ॥ (471-12, ਆਸਾ, ਮਃ 1)

ਸੋ ਸੇਵਕੁ ਸੇਵਾ ਕਰੇ ਜਿਸ ਨੋ ਹੁਕਮੁ ਮਨਾਇਸੀ ॥ (471-12, ਆਸਾ, ਮਃ 1)
ਹੁਕਮਿ ਮੰਨਿਐ ਹੋਵੈ ਪਰਵਾਣੁ ਤਾ ਖਸਮੈ ਕਾ ਮਹਲੁ ਪਾਇਸੀ ॥ (471-13, ਆਸਾ, ਮਃ 1)
ਖਸਮੈ ਭਾਵੈ ਸੋ ਕਰੇ ਮਨਹੁ ਚਿੰਦਿਆ ਸੋ ਫਲੁ ਪਾਇਸੀ ॥ (471-14, ਆਸਾ, ਮਃ 1)
ਤਾ ਦਰਗਹ ਪੈਧਾ ਜਾਇਸੀ ॥੧੫॥ (471-14, ਆਸਾ, ਮਃ 1)

ਕੋਈ ਗਾਵੈ ਰਾਗੀ ਨਾਦੀ ਬੇਦੀ ਬਹੁ ਭਾਤਿ ਕਰਿ ਨਹੀ ਹਰਿ ਹਰਿ ਭੀਜੈ ਰਾਮ ਰਾਜੇ ॥ (450-12, ਆਸਾ, ਮਃ 4)
ਜਿਨਾ ਅੰਤਰਿ ਕਪਟੁ ਵਿਕਾਰੁ ਹੈ ਤਿਨਾ ਰੋਇ ਕਿਆ ਕੀਜੈ ॥ (450-13, ਆਸਾ, ਮਃ 4)
ਹਰਿ ਕਰਤਾ ਸਭੁ ਕਿਛੁ ਜਾਣਦਾ ਸਿਰਿ ਰੋਗ ਹਥੁ ਦੀਜੈ ॥ (450-14, ਆਸਾ, ਮਃ 4)
ਜਿਨਾ ਨਾਨਕ ਗੁਰਮੁਖਿ ਹਿਰਦਾ ਸੁਧੁ ਹੈ ਹਰਿ ਭਗਤਿ ਹਰਿ ਲੀਜੈ ॥੪॥੧੧॥੧੮॥ (450-14, ਆਸਾ, ਮਃ 4)

ਸਲੋਕ ਮਃ ੧ ॥ (471-14)
ਗਊ ਬਿਰਾਹਮਣ ਕਉ ਕਰੁ ਲਾਵਹੁ ਗੋਬਰਿ ਤਰਣੁ ਨ ਜਾਈ ॥ (471-15, ਆਸਾ, ਮਃ 1)
ਧੋਤੀ ਟਿਕਾ ਤੈ ਜਪਮਾਲੀ ਧਾਨੁ ਮਲੇਛਾਂ ਖਾਈ ॥ (471-15, ਆਸਾ, ਮਃ 1)
ਅੰਤਰਿ ਪੂਜਾ ਪੜਹਿ ਕਤੇਬਾ ਸੰਜਮੁ ਤੁਰਕਾ ਭਾਈ ॥ (471-16, ਆਸਾ, ਮਃ 1)
ਛੋਡੀਲੇ ਪਾਖੰਡਾ ॥ (471-16, ਆਸਾ, ਮਃ 1)
ਨਾਮਿ ਲਇਐ ਜਾਹਿ ਤਰੰਦਾ ॥੧॥ (471-16, ਆਸਾ, ਮਃ 1)
ਮਃ ੧ ॥ (471-17)
ਮਾਣਸ ਖਾਣੇ ਕਰਹਿ ਨਿਵਾਜ ॥ (471-17, ਆਸਾ, ਮਃ 1)
ਛੁਰੀ ਵਗਾਇਨਿ ਤਿਨ ਗਲਿ ਤਾਗ ॥ (471-17, ਆਸਾ, ਮਃ 1)
ਤਿਨ ਘਰਿ ਬ੍ਰਹਮਣ ਪੂਰਹਿ ਨਾਦ ॥ (471-17, ਆਸਾ, ਮਃ 1)
ਉਨ੍ਹਾ ਭਿ ਆਵਹਿ ਓਈ ਸਾਦ ॥ (471-18, ਆਸਾ, ਮਃ 1)
ਕੂੜੀ ਰਾਸਿ ਕੂੜਾ ਵਾਪਾਰੁ ॥ (471-18, ਆਸਾ, ਮਃ 1)
ਕੂੜੁ ਬੋਲਿ ਕਰਹਿ ਆਹਾਰੁ ॥ (471-18, ਆਸਾ, ਮਃ 1)
ਸਰਮ ਧਰਮ ਕਾ ਡੇਰਾ ਦੂਰਿ ॥ (471-18, ਆਸਾ, ਮਃ 1)
ਨਾਨਕ ਕੂੜੁ ਰਹਿਆ ਭਰਪੂਰਿ ॥ (471-19, ਆਸਾ, ਮਃ 1)
ਮਥੈ ਟਿਕਾ ਤੇੜਿ ਧੋਤੀ ਕਖਾਈ ॥ (471-19, ਆਸਾ, ਮਃ 1)
ਹਥਿ ਛੁਰੀ ਜਗਤ ਕਾਸਾਈ ॥ (471-19, ਆਸਾ, ਮਃ 1)
ਨੀਲ ਵਸਤ੍ਰ ਪਹਿਰਿ ਹੋਵਹਿ ਪਰਵਾਣੁ ॥ (472-1, ਆਸਾ, ਮਃ 1)
ਮਲੇਛ ਧਾਨੁ ਲੇ ਪੂਜਹਿ ਪੁਰਾਣੁ ॥ (472-1, ਆਸਾ, ਮਃ 1)
ਅਭਾਖਿਆ ਕਾ ਕੁਠਾ ਬਕਰਾ ਖਾਣਾ ॥ (472-1, ਆਸਾ, ਮਃ 1)
ਚਉਕੇ ਉਪਰਿ ਕਿਸੈ ਨ ਜਾਣਾ ॥ (472-2, ਆਸਾ, ਮਃ 1)
ਦੇ ਕੈ ਚਉਕਾ ਕਢੀ ਕਾਰ ॥ (472-2, ਆਸਾ, ਮਃ 1)
ਉਪਰਿ ਆਇ ਬੈਠੇ ਕੂੜਿਆਰ ॥ (472-2, ਆਸਾ, ਮਃ 1)
ਮਤੁ ਭਿਟੈ ਵੇ ਮਤੁ ਭਿਟੈ ॥ ਇਹੁ ਅੰਨੁ ਅਸਾਡਾ ਫਿਟੈ ॥ (472-3, ਆਸਾ, ਮਃ 1)
ਤਨਿ ਫਿਟੈ ਫੇੜ ਕਰੇਨਿ ॥ (472-3, ਆਸਾ, ਮਃ 1)
ਮਨਿ ਜੂਠੈ ਚੁਲੀ ਭਰੇਨਿ ॥ (472-3, ਆਸਾ, ਮਃ 1)

ਕਹੁ ਨਾਨਕ ਸਚੁ ਧਿਆਈਐ ॥ (472-3, ਆਸਾ, ਮਃ 1)
ਸੁਚਿ ਹੋਵੈ ਤਾ ਸਚੁ ਪਾਈਐ ॥੨॥ (472-4, ਆਸਾ, ਮਃ 1)
ਪਉੜੀ ॥ (472-4)
ਚਿਤੈ ਅੰਦਰਿ ਸਭੁ ਕੋ ਵੇਖਿ ਨਦਰੀ ਹੇਠਿ ਚਲਾਇਦਾ ॥ (472-4, ਆਸਾ, ਮਃ 1)
ਆਪੇ ਦੇ ਵਡਿਆਈਆ ਆਪੇ ਹੀ ਕਰਮ ਕਰਾਇਦਾ ॥ (472-5, ਆਸਾ, ਮਃ 1)
ਵਡਹੁ ਵਡਾ ਵਡ ਮੇਦਨੀ ਸਿਰੇ ਸਿਰਿ ਧੰਧੈ ਲਾਇਦਾ ॥ (472-5, ਆਸਾ, ਮਃ 1)
ਨਦਰਿ ਉਪਠੀ ਜੇ ਕਰੇ ਸੁਲਤਾਨਾ ਘਾਹੁ ਕਰਾਇਦਾ ॥ (472-6, ਆਸਾ, ਮਃ 1)
ਦਰਿ ਮੰਗਨਿ ਭਿਖ ਨ ਪਾਇਦਾ ॥੧੬॥ (472-6, ਆਸਾ, ਮਃ 1)

ਆਸਾ ਮਹਲਾ ੪ ॥ (450-15)
ਜਿਨ ਅੰਤਰਿ ਹਰਿ ਹਰਿ ਪ੍ਰੀਤਿ ਹੈ ਤੇ ਜਨ ਸੁਘੜ ਸਿਆਣੇ ਰਾਮ ਰਾਜੇ ॥ (450-15, ਆਸਾ, ਮਃ 4)
ਜੇ ਬਾਹਰਹੁ ਭੁਲਿ ਚੁਕਿ ਬੋਲਦੇ ਭੀ ਖਰੇ ਹਰਿ ਭਾਣੇ ॥ (450-16, ਆਸਾ, ਮਃ 4)
ਹਰਿ ਸੰਤਾ ਨੋ ਹੋਰੁ ਥਾਉ ਨਾਹੀ ਹਰਿ ਮਾਣੁ ਨਿਮਾਣੇ ॥ (450-16, ਆਸਾ, ਮਃ 4)
ਜਨ ਨਾਨਕ ਨਾਮੁ ਦੀਬਾਣੁ ਹੈ ਹਰਿ ਤਾਣੁ ਸਤਾਣੇ ॥੧॥ (450-17, ਆਸਾ, ਮਃ 4)

ਸਲੋਕੁ ਮਃ ੧ ॥ (472-7)
ਜੇ ਮੋਹਾਕਾ ਘਰੁ ਮੁਹੈ ਘਰੁ ਮੁਹਿ ਪਿਤਰੀ ਦੇਇ ॥ (472-7, ਆਸਾ, ਮਃ 1)
ਅਗੈ ਵਸਤੁ ਸਿਞਾਣੀਐ ਪਿਤਰੀ ਚੋਰ ਕਰੇਇ ॥ (472-7, ਆਸਾ, ਮਃ 1)
ਵਢੀਅਹਿ ਹਥ ਦਲਾਲ ਕੇ ਮੁਸਫੀ ਏਹ ਕਰੇਇ ॥ (472-8, ਆਸਾ, ਮਃ 1)
ਨਾਨਕ ਅਗੈ ਸੋ ਮਿਲੈ ਜਿ ਖਟੇ ਘਾਲੇ ਦੇਇ ॥੧॥ (472-8, ਆਸਾ, ਮਃ 1)
ਮਃ ੧ ॥ (472-8)
ਜਿਉ ਜੋਰੂ ਸਿਰਨਾਵਣੀ ਆਵੈ ਵਾਰੋ ਵਾਰ ॥ (472-9, ਆਸਾ, ਮਃ 1)
ਜੂਠੇ ਜੂਠਾ ਮੁਖਿ ਵਸੈ ਨਿਤ ਨਿਤ ਹੋਇ ਖੁਆਰੁ ॥ (472-9, ਆਸਾ, ਮਃ 1)
ਸੂਚੇ ਏਹਿ ਨ ਆਖੀਅਹਿ ਬਹਨਿ ਜਿ ਪਿੰਡਾ ਧੋਇ ॥ (472-9, ਆਸਾ, ਮਃ 1)
ਸੂਚੇ ਸੇਈ ਨਾਨਕਾ ਜਿਨ ਮਨਿ ਵਸਿਆ ਸੋਇ ॥੨॥ (472-10, ਆਸਾ, ਮਃ 1)
ਪਉੜੀ ॥ (472-10)
ਤੁਰੇ ਪਲਾਣੇ ਪਉਣ ਵੇਗ ਹਰ ਰੰਗੀ ਹਰਮ ਸਵਾਰਿਆ ॥ (472-10, ਆਸਾ, ਮਃ 1)
ਕੋਠੇ ਮੰਡਪ ਮਾੜੀਆ ਲਾਇ ਬੈਠੇ ਕਰਿ ਪਾਸਾਰਿਆ ॥ (472-11, ਆਸਾ, ਮਃ 1)
ਚੀਜ ਕਰਨਿ ਮਨਿ ਭਾਵਦੇ ਹਰਿ ਬੁਝਨਿ ਨਾਹੀ ਹਾਰਿਆ ॥ (472-12, ਆਸਾ, ਮਃ 1)
ਕਰਿ ਫੁਰਮਾਇਸਿ ਖਾਇਆ ਵੇਖਿ ਮਹਲਤਿ ਮਰਣੁ ਵਿਸਾਰਿਆ ॥ (472-12, ਆਸਾ, ਮਃ 1)
ਜਰੁ ਆਈ ਜੋਬਨਿ ਹਾਰਿਆ ॥੧੭॥ (472-13, ਆਸਾ, ਮਃ 1)

ਜਿਥੈ ਜਾਇ ਬਹੈ ਮੇਰਾ ਸਤਿਗੁਰੂ ਸੋ ਥਾਨੁ ਸੁਹਾਵਾ ਰਾਮ ਰਾਜੇ ॥ (450-17, ਆਸਾ, ਮਃ 4)
ਗੁਰਸਿਖੀ ਸੋ ਥਾਨੁ ਭਾਲਿਆ ਲੈ ਧੂਰਿ ਮੁਖਿ ਲਾਵਾ ॥ (450-18, ਆਸਾ, ਮਃ 4)
ਗੁਰਸਿਖਾ ਕੀ ਘਾਲ ਥਾਇ ਪਈ ਜਿਨ ਹਰਿ ਨਾਮੁ ਧਿਆਵਾ ॥ (450-18, ਆਸਾ, ਮਃ 4)
ਜਿਨ੍ ਨਾਨਕੁ ਸਤਿਗੁਰੁ ਪੂਜਿਆ ਤਿਨ ਹਰਿ ਪੂਜ ਕਰਾਵਾ ॥੨॥ (450-19, ਆਸਾ, ਮਃ 4)

ਸਲੋਕੁ ਮਃ ੧ ॥ (472-13)
ਜੇ ਕਰਿ ਸੂਤਕੁ ਮੰਨੀਐ ਸਭ ਤੈ ਸੂਤਕੁ ਹੋਇ ॥ (472-13, ਆਸਾ, ਮਃ 1)
ਗੋਹੇ ਅਤੈ ਲਕੜੀ ਅੰਦਰਿ ਕੀੜਾ ਹੋਇ ॥ (472-14, ਆਸਾ, ਮਃ 1)
ਜੇਤੇ ਦਾਣੇ ਅੰਨ ਕੇ ਜੀਆ ਬਾਝੁ ਨ ਕੋਇ ॥ (472-14, ਆਸਾ, ਮਃ 1)
ਪਹਿਲਾ ਪਾਣੀ ਜੀਉ ਹੈ ਜਿਤੁ ਹਰਿਆ ਸਭੁ ਕੋਇ ॥ (472-14, ਆਸਾ, ਮਃ 1)
ਸੂਤਕੁ ਕਿਉ ਕਰਿ ਰਖੀਐ ਸੂਤਕੁ ਪਵੈ ਰਸੋਇ ॥ (472-15, ਆਸਾ, ਮਃ 1)
ਨਾਨਕ ਸੂਤਕੁ ਏਵ ਨ ਉਤਰੈ ਗਿਆਨੁ ਉਤਾਰੇ ਧੋਇ ॥੧॥ (472-15, ਆਸਾ, ਮਃ 1)
ਮਃ ੧ ॥ (472-16)
ਮਨ ਕਾ ਸੂਤਕੁ ਲੋਭੁ ਹੈ ਜਿਹਵਾ ਸੂਤਕੁ ਕੂੜੁ ॥ (472-16, ਆਸਾ, ਮਃ 1)
ਅਖੀ ਸੂਤਕੁ ਵੇਖਣਾ ਪਰ ਤ੍ਰਿਅ ਪਰ ਧਨ ਰੂਪੁ ॥ (472-16, ਆਸਾ, ਮਃ 1)
ਕੰਨੀ ਸੂਤਕੁ ਕੰਨਿ ਪੈ ਲਾਇਤਬਾਰੀ ਖਾਹਿ ॥ (472-17, ਆਸਾ, ਮਃ 1)
ਨਾਨਕ ਹੰਸਾ ਆਦਮੀ ਬਧੇ ਜਮ ਪੁਰਿ ਜਾਹਿ ॥੨॥ (472-17, ਆਸਾ, ਮਃ 1)
ਮਃ ੧ ॥ (472-18)
ਸਭੋ ਸੂਤਕੁ ਭਰਮੁ ਹੈ ਦੂਜੈ ਲਗੈ ਜਾਇ ॥ (472-18, ਆਸਾ, ਮਃ 1)
ਜੰਮਣੁ ਮਰਣਾ ਹੁਕਮੁ ਹੈ ਭਾਣੈ ਆਵੈ ਜਾਇ ॥ (472-18, ਆਸਾ, ਮਃ 1)
ਖਾਣਾ ਪੀਣਾ ਪਵਿਤ੍ਰੁ ਹੈ ਦਿਤੋਨੁ ਰਿਜਕੁ ਸੰਬਾਹਿ ॥ (472-19, ਆਸਾ, ਮਃ 1)
ਨਾਨਕ ਜਿਨ੍ਹੀ ਗੁਰਮੁਖਿ ਬੁਝਿਆ ਤਿਨ੍ਹਾ ਸੂਤਕੁ ਨਾਹਿ ॥੩॥ (472-19, ਆਸਾ, ਮਃ 1)
ਪਉੜੀ ॥ (473-1)
ਸਤਿਗੁਰੁ ਵਡਾ ਕਰਿ ਸਾਲਾਹੀਐ ਜਿਸੁ ਵਿਚਿ ਵਡੀਆ ਵਡਿਆਈਆ ॥ (473-1, ਆਸਾ, ਮਃ 1)
ਸਹਿ ਮੇਲੇ ਤਾ ਨਦਰੀ ਆਈਆ ॥ (473-1, ਆਸਾ, ਮਃ 1)
ਜਾ ਤਿਸੁ ਭਾਣਾ ਤਾ ਮਨਿ ਵਸਾਈਆ ॥ (473-2, ਆਸਾ, ਮਃ 1)
ਕਰਿ ਹੁਕਮੁ ਮਸਤਕਿ ਹਥੁ ਧਰਿ ਵਿਚਹੁ ਮਾਰਿ ਕਢੀਆ ਬੁਰਿਆਈਆ ॥ (473-2, ਆਸਾ, ਮਃ 1)
ਸਹਿ ਤੁਠੈ ਨਉ ਨਿਧਿ ਪਾਈਆ ॥੧੮॥ (473-3, ਆਸਾ, ਮਃ 1)

ਗੁਰਸਿਖਾ ਮਨਿ ਹਰਿ ਪ੍ਰੀਤਿ ਹੈ ਹਰਿ ਨਾਮ ਹਰਿ ਤੇਰੀ ਰਾਮ ਰਾਜੇ ॥ (450-19, ਆਸਾ, ਮਃ 4)
ਕਰਿ ਸੇਵਹਿ ਪੂਰਾ ਸਤਿਗੁਰੂ ਭੁਖ ਜਾਇ ਲਹਿ ਮੇਰੀ ॥ (451-1, ਆਸਾ, ਮਃ 4)
ਗੁਰਸਿਖਾ ਕੀ ਭੁਖ ਸਭ ਗਈ ਤਿਨ ਪਿਛੈ ਹੋਰ ਖਾਇ ਘਨੇਰੀ ॥ (451-1, ਆਸਾ, ਮਃ 4)
ਜਨ ਨਾਨਕ ਹਰਿ ਪੁੰਨੁ ਬੀਜਿਆ ਫਿਰਿ ਤੋਟਿ ਨ ਆਵੈ ਹਰਿ ਪੁੰਨ ਕੇਰੀ ॥੩॥ (451-2, ਆਸਾ, ਮਃ 4)

ਸਲੋਕੁ ਮਃ ੧ ॥ (473-3)
ਪਹਿਲਾ ਸੁਚਾ ਆਪਿ ਹੋਇ ਸੁਚੈ ਬੈਠਾ ਆਇ ॥ (473-3, ਆਸਾ, ਮਃ 1)
ਸੁਚੇ ਅਗੈ ਰਖਿਓਨੁ ਕੋਇ ਨ ਭਿਟਿਓ ਜਾਇ ॥ (473-4, ਆਸਾ, ਮਃ 1)
ਸੁਚਾ ਹੋਇ ਕੈ ਜੇਵਿਆ ਲਗਾ ਪੜਣਿ ਸਲੋਕੁ ॥ (473-4, ਆਸਾ, ਮਃ 1)
ਕੁਹਥੀ ਜਾਈ ਸਟਿਆ ਕਿਸੁ ਏਹੁ ਲਗਾ ਦੋਖੁ ॥ (473-5, ਆਸਾ, ਮਃ 1)
ਅੰਨੁ ਦੇਵਤਾ ਪਾਣੀ ਦੇਵਤਾ ਬੈਸੰਤਰੁ ਦੇਵਤਾ ਲੂਣੁ ਪੰਜਵਾ ਪਾਇਆ ਘਿਰਤੁ ॥ (473-5, ਆਸਾ, ਮਃ 1)

ਤਾ ਹੋਆ ਪਾਕੁ ਪਵਿਤੁ ॥ (473-6, ਆਸਾ, ਮਃ 1)
ਪਾਪੀ ਸਿਉ ਤਨੁ ਗਡਿਆ ਥੁਕਾ ਪਈਆ ਤਿਤੁ ॥ (473-6, ਆਸਾ, ਮਃ 1)
ਜਿਤੁ ਮੁਖਿ ਨਾਮੁ ਨ ਊਚਰਹਿ ਬਿਨੁ ਨਾਵੈ ਰਸ ਖਾਹਿ ॥ (473-6, ਆਸਾ, ਮਃ 1)
ਨਾਨਕ ਏਵੈ ਜਾਣੀਐ ਤਿਤੁ ਮੁਖਿ ਥੁਕਾ ਪਾਹਿ ॥੧॥ (473-7, ਆਸਾ, ਮਃ 1)
ਮਃ ੧ ॥ (473-7)
ਭੰਡਿ ਜੰਮੀਐ ਭੰਡਿ ਨਿੰਮੀਐ ਭੰਡਿ ਮੰਗਣੁ ਵੀਆਹੁ ॥ (473-8, ਆਸਾ, ਮਃ 1)
ਭੰਡਹੁ ਹੋਵੈ ਦੋਸਤੀ ਭੰਡਹੁ ਚਲੈ ਰਾਹੁ ॥ (473-8, ਆਸਾ, ਮਃ 1)
ਭੰਡੁ ਮੁਆ ਭੰਡੁ ਭਾਲੀਐ ਭੰਡਿ ਹੋਵੈ ਬੰਧਾਨੁ ॥ (473-8, ਆਸਾ, ਮਃ 1)
ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ ॥ (473-9, ਆਸਾ, ਮਃ 1)
ਭੰਡਹੁ ਹੀ ਭੰਡੁ ਊਪਜੈ ਭੰਡੈ ਬਾਝੁ ਨ ਕੋਇ ॥ (473-9, ਆਸਾ, ਮਃ 1)
ਨਾਨਕ ਭੰਡੈ ਬਾਹਰਾ ਏਕੋ ਸਚਾ ਸੋਇ ॥ (473-10, ਆਸਾ, ਮਃ 1)
ਜਿਤੁ ਮੁਖਿ ਸਦਾ ਸਾਲਾਹੀਐ ਭਾਗਾ ਰਤੀ ਚਾਰਿ ॥ (473-10, ਆਸਾ, ਮਃ 1)
ਨਾਨਕ ਤੇ ਮੁਖ ਊਜਲੇ ਤਿਤੁ ਸਚੈ ਦਰਬਾਰਿ ॥੨॥ (473-10, ਆਸਾ, ਮਃ 1)
ਪਉੜੀ ॥ (473-11)
ਸਭੁ ਕੋ ਆਖੈ ਆਪਣਾ ਜਿਸੁ ਨਾਹੀ ਸੋ ਚੁਣਿ ਕਢੀਐ ॥ (473-11, ਆਸਾ, ਮਃ 1)
ਕੀਤਾ ਆਪੋ ਆਪਣਾ ਆਪੇ ਹੀ ਲੇਖਾ ਸੰਢੀਐ ॥ (473-12, ਆਸਾ, ਮਃ 1)
ਜਾ ਰਹਣਾ ਨਾਹੀ ਐਤੁ ਜਗਿ ਤਾ ਕਾਇਤੁ ਗਾਰਬਿ ਹੰਢੀਐ ॥ (473-12, ਆਸਾ, ਮਃ 1)
ਮੰਦਾ ਕਿਸੈ ਨ ਆਖੀਐ ਪੜਿ ਅਖਰੁ ਏਹੋ ਬੁਝੀਐ ॥ (473-13, ਆਸਾ, ਮਃ 1)
ਮੂਰਖੈ ਨਾਲਿ ਨ ਲੁਝੀਐ ॥੧੯॥ (473-13, ਆਸਾ, ਮਃ 1)

ਗੁਰਸਿਖਾ ਮਨਿ ਵਾਧਾਈਆ ਜਿਨ ਮੇਰਾ ਸਤਿਗੁਰੂ ਡਿਠਾ ਰਾਮ ਰਾਜੇ ॥ (451-3, ਆਸਾ, ਮਃ 4)
ਕੋਈ ਕਰਿ ਗਲ ਸੁਣਾਵੈ ਹਰਿ ਨਾਮ ਕੀ ਸੋ ਲਗੈ ਗੁਰਸਿਖਾ ਮਨਿ ਮਿਠਾ ॥ (451-3, ਆਸਾ, ਮਃ 4)
ਹਰਿ ਦਰਗਹ ਗੁਰਸਿਖ ਪੈਨਾਈਅਹਿ ਜਿਨ੍ਹਾ ਮੇਰਾ ਸਤਿਗੁਰੁ ਤੁਠਾ ॥ (451-4, ਆਸਾ, ਮਃ 4)
ਜਨ ਨਾਨਕੁ ਹਰਿ ਹਰਿ ਹੋਇਆ ਹਰਿ ਹਰਿ ਮਨਿ ਵੁਠਾ ॥੪॥੧੨॥੧੯॥ (451-4, ਆਸਾ, ਮਃ 4)

ਸਲੋਕੁ ਮਃ ੧ ॥ (473-13)
ਨਾਨਕ ਫਿਕੈ ਬੋਲਿਐ ਤਨੁ ਮਨੁ ਫਿਕਾ ਹੋਇ ॥ (473-14, ਆਸਾ, ਮਃ 1)
ਫਿਕੋ ਫਿਕਾ ਸਦੀਐ ਫਿਕੇ ਫਿਕੀ ਸੋਇ ॥ (473-14, ਆਸਾ, ਮਃ 1)
ਫਿਕਾ ਦਰਗਹ ਸਟੀਐ ਮੁਹਿ ਥੁਕਾ ਫਿਕੇ ਪਾਇ ॥ (473-14, ਆਸਾ, ਮਃ 1)
ਫਿਕਾ ਮੂਰਖੁ ਆਖੀਐ ਪਾਣਾ ਲਹੈ ਸਜਾਇ ॥੧॥ (473-15, ਆਸਾ, ਮਃ 1)
ਮਃ ੧ ॥ (473-15)
ਅੰਦਰਹੁ ਝੂਠੇ ਪੈਜ ਬਾਹਰਿ ਦੁਨੀਆ ਅੰਦਰਿ ਫੈਲੁ ॥ (473-15, ਆਸਾ, ਮਃ 1)
ਅਠਸਠਿ ਤੀਰਥ ਜੇ ਨਾਵਹਿ ਉਤਰੈ ਨਾਹੀ ਮੈਲੁ ॥ (473-16, ਆਸਾ, ਮਃ 1)
ਜਿਨ੍ ਪਟੁ ਅੰਦਰਿ ਬਾਹਰਿ ਗੁਦੜੁ ਤੇ ਭਲੇ ਸੰਸਾਰਿ ॥ (473-16, ਆਸਾ, ਮਃ 1)
ਤਿਨ੍ ਨੇਹੁ ਲਗਾ ਰਬ ਸੇਤੀ ਦੇਖਨ੍ੇ ਵੀਚਾਰਿ ॥ (473-17, ਆਸਾ, ਮਃ 1)
ਰੰਗਿ ਹਸਹਿ ਰੰਗਿ ਰੋਵਹਿ ਚੁਪ ਭੀ ਕਰਿ ਜਾਹਿ ॥ (473-17, ਆਸਾ, ਮਃ 1)

ਪਰਵਾਹ ਨਾਹੀ ਕਿਸੈ ਕੇਰੀ ਬਾਝੁ ਸਚੇ ਨਾਹ ॥ (473-18, ਆਸਾ, ਮਃ 1)
ਦਰਿ ਵਾਟ ਉਪਰਿ ਖਰਚੁ ਮੰਗਾ ਜਬੈ ਦੇਇ ਤ ਖਾਹਿ ॥ (473-18, ਆਸਾ, ਮਃ 1)
ਦੀਬਾਨੁ ਏਕੋ ਕਲਮ ਏਕਾ ਹਮਾ ਤੁਮ੍ਹਾ ਮੇਲੁ ॥ (473-19, ਆਸਾ, ਮਃ 1)
ਦਰਿ ਲਏ ਲੇਖਾ ਪੀੜਿ ਛੁਟੈ ਨਾਨਕਾ ਜਿਉ ਤੇਲੁ ॥੨॥ (473-19, ਆਸਾ, ਮਃ 1)
ਪਉੜੀ ॥ (474-1)
ਆਪੇ ਹੀ ਕਰਣਾ ਕੀਓ ਕਲ ਆਪੇ ਹੀ ਤੈ ਧਾਰੀਐ ॥ (474-1, ਆਸਾ, ਮਃ 1)
ਦੇਖਹਿ ਕੀਤਾ ਆਪਣਾ ਧਰਿ ਕਚੀ ਪਕੀ ਸਾਰੀਐ ॥ (474-1, ਆਸਾ, ਮਃ 1)
ਜੋ ਆਇਆ ਸੋ ਚਲਸੀ ਸਭੁ ਕੋਈ ਆਈ ਵਾਰੀਐ ॥ (474-2, ਆਸਾ, ਮਃ 1)
ਜਿਸ ਕੇ ਜੀਅ ਪਰਾਣ ਹਹਿ ਕਿਉ ਸਾਹਿਬੁ ਮਨਹੁ ਵਿਸਾਰੀਐ ॥ (474-2, ਆਸਾ, ਮਃ 1)
ਆਪਣ ਹਥੀ ਆਪਣਾ ਆਪੇ ਹੀ ਕਾਜੁ ਸਵਾਰੀਐ ॥੨੦॥ (474-3, ਆਸਾ, ਮਃ 1)

ਆਸਾ ਮਹਲਾ ੪ ॥ (451-5)
ਜਿਨ੍ਹਾ ਭੇਟਿਆ ਮੇਰਾ ਪੂਰਾ ਸਤਿਗੁਰੂ ਤਿਨ ਹਰਿ ਨਾਮੁ ਦ੍ਰਿੜਾਵੈ ਰਾਮ ਰਾਜੇ ॥ (451-5, ਆਸਾ, ਮਃ 4)
ਤਿਸ ਕੀ ਤ੍ਰਿਸਨਾ ਭੁਖ ਸਭ ਉਤਰੈ ਜੋ ਹਰਿ ਨਾਮੁ ਧਿਆਵੈ ॥ (451-6, ਆਸਾ, ਮਃ 4)
ਜੋ ਹਰਿ ਹਰਿ ਨਾਮੁ ਧਿਆਇਦੇ ਤਿਨ੍ ਜਮੁ ਨੇੜਿ ਨ ਆਵੈ ॥ (451-6, ਆਸਾ, ਮਃ 4)
ਜਨ ਨਾਨਕ ਕਉ ਹਰਿ ਕ੍ਰਿਪਾ ਕਰਿ ਨਿਤ ਜਪੈ ਹਰਿ ਨਾਮੁ ਹਰਿ ਨਾਮਿ ਤਰਾਵੈ ॥੧॥ (451-7, ਆਸਾ, ਮਃ 4)

ਸਲੋਕੁ ਮਹਲਾ ੨ ॥ (474-3)
ਏਹ ਕਿਨੇਹੀ ਆਸਕੀ ਦੂਜੈ ਲਗੈ ਜਾਇ ॥ (474-3, ਆਸਾ, ਮਃ 2)
ਨਾਨਕ ਆਸਕੁ ਕਾਂਢੀਐ ਸਦ ਹੀ ਰਹੈ ਸਮਾਇ ॥ (474-4, ਆਸਾ, ਮਃ 2)
ਚੰਗੈ ਚੰਗਾ ਕਰਿ ਮੰਨੇ ਮੰਦੈ ਮੰਦਾ ਹੋਇ ॥ (474-4, ਆਸਾ, ਮਃ 2)
ਆਸਕੁ ਏਹੁ ਨ ਆਖੀਐ ਜਿ ਲੇਖੈ ਵਰਤੈ ਸੋਇ ॥੧॥ (474-5, ਆਸਾ, ਮਃ 2)
ਮਹਲਾ ੨ ॥ (474-5)
ਸਲਾਮੁ ਜਬਾਬੁ ਦੋਵੈ ਕਰੇ ਮੁੰਢਹੁ ਘੁਥਾ ਜਾਇ ॥ (474-5, ਆਸਾ, ਮਃ 2)
ਨਾਨਕ ਦੋਵੈ ਕੂੜੀਆ ਥਾਇ ਨ ਕਾਈ ਪਾਇ ॥੨॥ (474-6, ਆਸਾ, ਮਃ 2)
ਪਉੜੀ ॥ (474-6)
ਜਿਤੁ ਸੇਵਿਐ ਸੁਖੁ ਪਾਈਐ ਸੋ ਸਾਹਿਬੁ ਸਦਾ ਸਮ੍ਹਾਲੀਐ ॥ (474-6, ਆਸਾ, ਮਃ 2)
ਜਿਤੁ ਕੀਤਾ ਪਾਈਐ ਆਪਣਾ ਸਾ ਘਾਲ ਬੁਰੀ ਕਿਉ ਘਾਲੀਐ ॥ (474-7, ਆਸਾ, ਮਃ 2)
ਮੰਦਾ ਮੂਲਿ ਨ ਕੀਚਈ ਦੇ ਲੰਮੀ ਨਦਰਿ ਨਿਹਾਲੀਐ ॥ (474-7, ਆਸਾ, ਮਃ 2)
ਜਿਉ ਸਾਹਿਬ ਨਾਲਿ ਨ ਹਾਰੀਐ ਤੇਵੇਹਾ ਪਾਸਾ ਢਾਲੀਐ ॥ (474-8, ਆਸਾ, ਮਃ 2)
ਕਿਛੁ ਲਾਹੇ ਉਪਰਿ ਘਾਲੀਐ ॥੨੧॥ (474-8, ਆਸਾ, ਮਃ 2)

ਜਿਨੀ ਗੁਰਮੁਖਿ ਨਾਮੁ ਧਿਆਇਆ ਤਿਨਾ ਫਿਰਿ ਬਿਘਨੁ ਨ ਹੋਈ ਰਾਮ ਰਾਜੇ ॥ (451-8, ਆਸਾ, ਮਃ 4)
ਜਿਨੀ ਸਤਿਗੁਰੁ ਪੁਰਖੁ ਮਨਾਇਆ ਤਿਨ ਪੂਜੇ ਸਭੁ ਕੋਈ ॥ (451-8, ਆਸਾ, ਮਃ 4)
ਜਿਨ੍ਹੀ ਸਤਿਗੁਰੁ ਪਿਆਰਾ ਸੇਵਿਆ ਤਿਨ੍ਹਾ ਸੁਖੁ ਸਦ ਹੋਈ ॥ (451-9, ਆਸਾ, ਮਃ 4)
ਜਿਨ੍ਹਾ ਨਾਨਕੁ ਸਤਿਗੁਰੁ ਭੇਟਿਆ ਤਿਨ੍ਹਾ ਮਿਲਿਆ ਹਰਿ ਸੋਈ ॥੨॥ (451-9, ਆਸਾ, ਮਃ 4)

ਸਲੋਕੁ ਮਹਲਾ ੨ ॥ (474-9)
ਚਾਕਰੁ ਲਗੈ ਚਾਕਰੀ ਨਾਲੇ ਗਾਰਬੁ ਵਾਦੁ ॥ (474-9, ਆਸਾ, ਮਃ 2)
ਗਲਾ ਕਰੇ ਘਣੇਰੀਆ ਖਸਮ ਨ ਪਾਏ ਸਾਦੁ ॥ (474-9, ਆਸਾ, ਮਃ 2)
ਆਪੁ ਗਵਾਇ ਸੇਵਾ ਕਰੇ ਤਾ ਕਿਛੁ ਪਾਏ ਮਾਨੁ ॥ (474-10, ਆਸਾ, ਮਃ 2)
ਨਾਨਕ ਜਿਸ ਨੋ ਲਗਾ ਤਿਸੁ ਮਿਲੈ ਲਗਾ ਸੋ ਪਰਵਾਨੁ ॥੧॥ (474-10, ਆਸਾ, ਮਃ 2)
ਮਹਲਾ ੨ ॥ (474-11)
ਜੋ ਜੀਇ ਹੋਇ ਸੁ ਉਗਵੈ ਮੁਹ ਕਾ ਕਹਿਆ ਵਾਉ ॥ (474-11, ਆਸਾ, ਮਃ 2)
ਬੀਜੇ ਬਿਖੁ ਮੰਗੈ ਅੰਮ੍ਰਿਤੁ ਵੇਖਹੁ ਏਹੁ ਨਿਆਉ ॥੨॥ (474-11, ਆਸਾ, ਮਃ 2)
ਮਹਲਾ ੨ ॥ (474-12)
ਨਾਲਿ ਇਆਣੇ ਦੋਸਤੀ ਕਦੇ ਨ ਆਵੈ ਰਾਸਿ ॥ (474-12, ਆਸਾ, ਮਃ 2)
ਜੇਹਾ ਜਾਣੈ ਤੇਹੋ ਵਰਤੈ ਵੇਖਹੁ ਕੋ ਨਿਰਜਾਸਿ ॥ (474-12, ਆਸਾ, ਮਃ 2)
ਵਸਤੂ ਅੰਦਰਿ ਵਸਤੁ ਸਮਾਵੈ ਦੂਜੀ ਹੋਵੈ ਪਾਸਿ ॥ (474-13, ਆਸਾ, ਮਃ 2)
ਸਾਹਿਬ ਸੇਤੀ ਹੁਕਮੁ ਨ ਚਲੈ ਕਹੀ ਬਣੈ ਅਰਦਾਸਿ ॥ (474-13, ਆਸਾ, ਮਃ 2)
ਕੂੜਿ ਕਮਾਣੈ ਕੂੜੋ ਹੋਵੈ ਨਾਨਕ ਸਿਫਤਿ ਵਿਗਾਸਿ ॥੩॥ (474-14, ਆਸਾ, ਮਃ 2)
ਮਹਲਾ ੨ ॥ (474-14)
ਨਾਲਿ ਇਆਣੇ ਦੋਸਤੀ ਵਡਾਰੂ ਸਿਉ ਨੇਹੁ ॥ (474-14, ਆਸਾ, ਮਃ 2)
ਪਾਣੀ ਅੰਦਰਿ ਲੀਕ ਜਿਉ ਤਿਸ ਦਾ ਥਾਉ ਨ ਥੇਹੁ ॥੪॥ (474-15, ਆਸਾ, ਮਃ 2)
ਮਹਲਾ ੨ ॥ (474-15)
ਹੋਇ ਇਆਣਾ ਕਰੇ ਕੰਮੁ ਆਣਿ ਨ ਸਕੈ ਰਾਸਿ ॥ (474-15, ਆਸਾ, ਮਃ 2)
ਜੇ ਇਕ ਅਧ ਚੰਗੀ ਕਰੇ ਦੂਜੀ ਭੀ ਵੇਰਾਸਿ ॥੫॥ (474-16, ਆਸਾ, ਮਃ 2)
ਪਉੜੀ ॥ (474-16)
ਚਾਕਰੁ ਲਗੈ ਚਾਕਰੀ ਜੇ ਚਲੈ ਖਸਮੈ ਭਾਇ ॥ (474-16, ਆਸਾ, ਮਃ 2)
ਹੁਰਮਤਿ ਤਿਸ ਨੋ ਅਗਲੀ ਓਹੁ ਵਜਹੁ ਭਿ ਦੂਣਾ ਖਾਇ ॥ (474-17, ਆਸਾ, ਮਃ 2)
ਖਸਮੈ ਕਰੇ ਬਰਾਬਰੀ ਫਿਰਿ ਗੈਰਤਿ ਅੰਦਰਿ ਪਾਇ ॥ (474-17, ਆਸਾ, ਮਃ 2)
ਵਜਹੁ ਗਵਾਏ ਅਗਲਾ ਮੁਹੇ ਮੁਹਿ ਪਾਣਾ ਖਾਇ ॥ (474-18, ਆਸਾ, ਮਃ 2)
ਜਿਸ ਦਾ ਦਿਤਾ ਖਾਵਣਾ ਤਿਸੁ ਕਹੀਐ ਸਾਬਾਸਿ ॥ (474-18, ਆਸਾ, ਮਃ 2)
ਨਾਨਕ ਹੁਕਮੁ ਨ ਚਲਈ ਨਾਲਿ ਖਸਮ ਚਲੈ ਅਰਦਾਸਿ ॥੨੨॥ (474-19, ਆਸਾ, ਮਃ 2)

ਜਿਨ੍ਾ ਅੰਤਰਿ ਗੁਰਮੁਖਿ ਪ੍ਰੀਤਿ ਹੈ ਤਿਨ੍ ਹਰਿ ਰਖਣਹਾਰਾ ਰਾਮ ਰਾਜੇ ॥ (451-10, ਆਸਾ, ਮਃ 4)
ਤਿਨ੍ ਕੀ ਨਿੰਦਾ ਕੋਈ ਕਿਆ ਕਰੇ ਜਿਨ੍ ਹਰਿ ਨਾਮੁ ਪਿਆਰਾ ॥ (451-11, ਆਸਾ, ਮਃ 4)
ਜਿਨ ਹਰਿ ਸੇਤੀ ਮਨੁ ਮਾਨਿਆ ਸਭ ਦੁਸਟ ਝਖ ਮਾਰਾ ॥ (451-11, ਆਸਾ, ਮਃ 4)
ਜਨ ਨਾਨਕ ਨਾਮੁ ਧਿਆਇਆ ਹਰਿ ਰਖਣਹਾਰਾ ॥੩॥ (451-12, ਆਸਾ, ਮਃ 4)

ਸਲੋਕੁ ਮਹਲਾ ੨ ॥ (474-19)
ਏਹ ਕਿਨੇਹੀ ਦਾਤਿ ਆਪਸ ਤੇ ਜੋ ਪਾਈਐ ॥ (474-19, ਆਸਾ, ਮਃ 2)

ਨਾਨਕ ਸਾ ਕਰਮਾਤਿ ਸਾਹਿਬ ਤੁਠੈ ਜੋ ਮਿਲੈ ॥੧॥ (475-1, ਆਸਾ, ਮਃ 2)
ਮਹਲਾ ੨ ॥ (475-1)
ਏਹ ਕਿਨੇਹੀ ਚਾਕਰੀ ਜਿਤੁ ਭਉ ਖਸਮ ਨ ਜਾਇ ॥ (475-1, ਆਸਾ, ਮਃ 2)
ਨਾਨਕ ਸੇਵਕੁ ਕਾਢੀਐ ਜਿ ਸੇਤੀ ਖਸਮ ਸਮਾਇ ॥੨॥ (475-2, ਆਸਾ, ਮਃ 2)
ਪਉੜੀ ॥ (475-2)
ਨਾਨਕ ਅੰਤ ਨ ਜਾਪਨ੍ਹੀ ਹਰਿ ਤਾ ਕੇ ਪਾਰਾਵਾਰ ॥ (475-3, ਆਸਾ, ਮਃ 2)
ਆਪਿ ਕਰਾਏ ਸਾਖਤੀ ਫਿਰਿ ਆਪਿ ਕਰਾਏ ਮਾਰ ॥ (475-3, ਆਸਾ, ਮਃ 2)
ਇਕਨ੍ਹਾ ਗਲੀ ਜੰਜੀਰੀਆ ਇਕਿ ਤੁਰੀ ਚੜਹਿ ਬਿਸੀਆਰ ॥ (475-3, ਆਸਾ, ਮਃ 2)
ਆਪਿ ਕਰਾਏ ਕਰੇ ਆਪਿ ਹਉ ਕੈ ਸਿਉ ਕਰੀ ਪੁਕਾਰ ॥ (475-4, ਆਸਾ, ਮਃ 2)
ਨਾਨਕ ਕਰਣਾ ਜਿਨਿ ਕੀਆ ਫਿਰਿ ਤਿਸ ਹੀ ਕਰਣੀ ਸਾਰ ॥੨੩॥ (475-4, ਆਸਾ, ਮਃ 2)

ਹਰਿ ਜੁਗੁ ਜੁਗੁ ਭਗਤ ਉਪਾਇਆ ਪੈਜ ਰਖਦਾ ਆਇਆ ਰਾਮ ਰਾਜੇ ॥ (451-12, ਆਸਾ, ਮਃ 4)
ਹਰਣਾਖਸੁ ਦੁਸਟੁ ਹਰਿ ਮਾਰਿਆ ਪ੍ਰਹਲਾਦੁ ਤਰਾਇਆ ॥ (451-13, ਆਸਾ, ਮਃ 4)
ਅਹੰਕਾਰੀਆ ਨਿੰਦਕਾ ਪਿਠਿ ਦੇਇ ਨਾਮਦੇਉ ਮੁਖਿ ਲਾਇਆ ॥ (451-13, ਆਸਾ, ਮਃ 4)
ਜਨ ਨਾਨਕ ਐਸਾ ਹਰਿ ਸੇਵਿਆ ਅੰਤਿ ਲਏ ਛਡਾਇਆ ॥੪॥੧੩॥੨੦॥ (451-14, ਆਸਾ, ਮਃ 4)

ਸਲੋਕੁ ਮਃ ੧ ॥ (475-5)
ਆਪੇ ਭਾਂਡੇ ਸਾਜਿਅਨੁ ਆਪੇ ਪੂਰਣੁ ਦੇਇ ॥ (475-5, ਆਸਾ, ਮਃ 1)
ਇਕਨ੍ਹੀ ਦੁਧੁ ਸਮਾਈਐ ਇਕਿ ਚੁਲ੍ਹੈ ਰਹਨ੍ਹਿ ਚੜੇ ॥ (475-6, ਆਸਾ, ਮਃ 1)
ਇਕਿ ਨਿਹਾਲੀ ਪੈ ਸਵਨ੍ਹਿ ਇਕਿ ਉਪਰਿ ਰਹਨਿ ਖੜੇ ॥ (475-6, ਆਸਾ, ਮਃ 1)
ਤਿਨ੍ਹਾ ਸਵਾਰੇ ਨਾਨਕਾ ਜਿਨ੍ਹ ਕਉ ਨਦਰਿ ਕਰੇ ॥੧॥ (475-7, ਆਸਾ, ਮਃ 1)
ਮਹਲਾ ੨ ॥ (475-7)
ਆਪੇ ਸਾਜੇ ਕਰੇ ਆਪਿ ਜਾਈ ਭਿ ਰਖੈ ਆਪਿ ॥ (475-7, ਆਸਾ, ਮਃ 2)
ਤਿਸੁ ਵਿਚਿ ਜੰਤ ਉਪਾਇ ਕੈ ਦੇਖੈ ਥਾਪਿ ਉਥਾਪਿ ॥ (475-8, ਆਸਾ, ਮਃ 2)
ਕਿਸ ਨੋ ਕਹੀਐ ਨਾਨਕਾ ਸਭੁ ਕਿਛੁ ਆਪੇ ਆਪਿ ॥੨॥ (475-8, ਆਸਾ, ਮਃ 2)
ਪਉੜੀ ॥ (475-8)
ਵਡੇ ਕੀਆ ਵਡਿਆਈਆ ਕਿਛੁ ਕਹਣਾ ਕਹਣੁ ਨ ਜਾਇ ॥ (475-9, ਆਸਾ, ਮਃ 2)
ਸੋ ਕਰਤਾ ਕਾਦਰ ਕਰੀਮੁ ਦੇ ਜੀਆ ਰਿਜਕੁ ਸੰਬਾਹਿ ॥ (475-9, ਆਸਾ, ਮਃ 2)
ਸਾਈ ਕਾਰ ਕਮਾਵਣੀ ਧੁਰਿ ਛੋਡੀ ਤਿੰਨੈ ਪਾਇ ॥ (475-10, ਆਸਾ, ਮਃ 2)
ਨਾਨਕ ਏਕੀ ਬਾਹਰੀ ਹੋਰ ਦੂਜੀ ਨਾਹੀ ਜਾਇ ॥ (475-10, ਆਸਾ, ਮਃ 2)
ਸੋ ਕਰੇ ਜਿ ਤਿਸੈ ਰਜਾਇ ॥੨੪॥੧॥ ਸੁਧੁ (475-10, ਆਸਾ, ਮਃ 2)